ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਸ਼ਨੀਵਾਰ, 3 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੭ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਅੰਮ੍ਰਿਤਸਰ 'ਚ 2 ਖੜ੍ਹੀਆਂ ਬੱਸਾਂ 'ਚ ਲੱਗੀ ਅੱਗ: ਸ਼ਾਰਟ ਸਰਕਟ ਤੋਂ ਬਾਅਦ ਖ਼ੁਦ ਚੱਲ ਕੇ ਦੂਜੀ ਬੱਸ ਨਾਲ ਟਕਰਾਈ, ਦੋਵੇਂ ਬੱਸਾਂ ਸੜ ਕੇ ਸੁਆਹ !

**ਅੰਮ੍ਰਿਤਸਰ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਵਿੱਚ ਸ਼ਕਤੀ ਬੱਸ ਸਰਵਿਸ ਦੀਆਂ ਦੋ ਬੱਸਾਂ ਨੂੰ ਅੱਗ ਲੱਗ ਗਈ। ਸੂਚਨਾ ਮਿਲਦਿਆਂ ਹੀ ਫਾਇਰ ਬ੍ਰਿਗੇਡ ਦੀਆਂ ਦੋ ਗੱਡੀਆਂ ਮੌਕੇ 'ਤੇ ਪਹੁੰਚ ਗਈਆਂ। ਫਾਇਰ ਬ੍ਰਿਗੇਡ ਅਤੇ ਸਥਾਨਕ ਲੋਕਾਂ ਦੀ ਮਦਦ ਨਾਲ ਨੇੜੇ ਖੜ੍ਹੀਆਂ ਹੋਰ ਬੱਸਾਂ ਨੂੰ ਤਾਂ ਬਚਾ ਲਿਆ ਗਿਆ, ਪਰ ਅੱਗ ਦੀ ਲਪੇਟ ਵਿੱਚ ਆਈਆਂ ਦੋਵੇਂ ਬੱਸਾਂ ਨੁਕਸਾਨੀਆਂ ਗਈਆਂ। ਸ਼ਕਤੀ ਬੱਸ ਸਰਵਿਸ ਦੀਆਂ ਇਹ ਬੱਸਾਂ ਵੀਰਵਾਰ ਦੇਰ ਰਾਤ ਆਪਣੇ ਰੂਟਾਂ ਤੋਂ ਵਾਪਸ ਆਉਣ ਤੋਂ ਬਾਅਦ ਇਸ ਥਾਂ 'ਤੇ ਖੜ੍ਹੀਆਂ ਕੀਤੀਆਂ ਗਈਆਂ ਸਨ। ਰਾਤ ਕਰੀਬ 11:40 ਵਜੇ, ਕੰਪਨੀ ਦੇ ਕੈਸ਼ੀਅਰ ਬਲਤੇਜ ਸਿੰਘ ਨੇ ਮੈਨੇਜਰ ਨੂੰ ਫੋਨ 'ਤੇ ਸੂਚਿਤ ਕੀਤਾ ਕਿ ਬੱਸਾਂ ਨੂੰ ਅੱਗ ਲੱਗ ਗਈ ਹੈ। ਇਸ ਤੋਂ ਬਾਅਦ ਕੰਪਨੀ ਦੇ ਅਧਿਕਾਰੀ ਅਤੇ ਕਰਮਚਾਰੀ ਮੌਕੇ 'ਤੇ ਪਹੁੰਚੇ ਅਤੇ ਅੱਗ ਬੁਝਾਉਣ ਦੀ ਕੋਸ਼ਿਸ਼ ਸ਼ੁਰੂ ਕੀਤੀ। ਇਸ ਉਪਰੰਤ ਫਾਇਰ ਬ੍ਰਿਗੇਡ ਦੀਆਂ ਦੋ ਗੱਡੀਆਂ ਮੌਕੇ 'ਤੇ ਪਹੁੰਚੀਆਂ। ਕਰਮਚਾਰੀਆਂ ਨੇ ਸਥਾਨਕ ਲੋਕਾਂ ਦੀ ਮਦਦ ਨਾਲ ਭਾਰੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾ ਲਿਆ। ਬੱਸ ਸਰਵਿਸ ਦੇ ਬੁਲਾਰੇ ਅਨੁਸਾਰ, ਸ਼ੁਰੂਆਤੀ ਸੀਸੀਟੀਵੀ ਫੁਟੇਜ ਤੋਂ ਪਤਾ ਲੱਗਦਾ ਹੈ ਕਿ ਅੱਗ ਸ਼ਾਰਟ ਸਰਕਟ ਕਾਰਨ ਇੱਕ ਬੱਸ ਵਿੱਚ ਲੱਗੀ ਸੀ। ਗੱਡੀ ਦੇ ਅੰਦਰ ਮੌਜੂਦ ਸੀਟਾਂ ਅਤੇ ਫਾਈਬਰ ਦੇ ਹਿੱਸਿਆਂ ਕਾਰਨ ਅੱਗ ਤੇਜ਼ੀ ਨਾਲ ਫੈਲ ਗਈ। ਜਿਵੇਂ-ਜਿਵੇਂ ਅੱਗ ਫੈਲੀ, ਬੱਸ ਆਪਣੇ ਆਪ ਚੱਲਣ ਲੱਗੀ ਅਤੇ ਅੱਗੇ ਖੜ੍ਹੀ ਇੱਕ ਹੋਰ ਬੱਸ ਨਾਲ ਟਕਰਾ ਗਈ, ਜਿਸ ਕਾਰਨ ਦੂਜੀ ਬੱਸ ਨੂੰ ਵੀ ਅੱਗ ਲੱਗ ਗਈ।

## ਦਿੱਲੀ ਦੇ ਜੰਤਰ-ਮੰਤਰ 'ਤੇ ਹੰਗਾਮਾ

# 500 ਤੋਂ ਵੱਧ ਗ੍ਰਿਫ਼ਤਾਰ, ਇੰਟਰਨੈਟ ਬੰਦ

**ਨਵੀਂ ਦਿੱਲੀ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਜੰਤਰ-ਮੰਤਰ ਦੇ ਆਲੇ-ਦੁਆਲੇ ਪਾਬੰਦੀਆਂ ਦੇ ਵਿਚਕਾਰ 500 ਤੋਂ ਵੱਧ ਲੋਕਾਂ ਨੂੰ ਹਿਰਾਸਤ ਵਿੱਚ ਲਿਆ ਗਿਆ ਹੈ, ਜਿੱਥੇ ਧਾਰਾ 163 ਲਗਾਈ ਗਈ ਹੈ। ਅਧਿਕਾਰੀਆਂ ਵੱਲੋਂ ਪਾਬੰਦੀਆਂ ਸਖ਼ਤ ਕਰਨ ਦੇ ਨਾਲ-ਨਾਲ ਇਲਾਕੇ ਵਿੱਚ ਇੰਟਰਨੈੱਟ ਸੇਵਾਵਾਂ ਵੀ ਰਾਤ 9 ਵਜੇ ਤੱਕ ਮੁਅੱਤਲ ਕਰ ਦਿੱਤੀਆਂ ਗਈਆਂ ਹਨ। ਪ੍ਰਸਤਾਵਿਤ ਵਿਰੋਧ ਪ੍ਰਦਰਸ਼ਨ ਦੀ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਹੈ ਅਤੇ ਨਵੀਂ ਦਿੱਲੀ ਅਤੇ ਇਸ ਦੇ ਆਲੇ-ਦੁਆਲੇ ਵਾਧੂ ਸੁਰੱਖਿਆ ਕਰਮਚਾਰੀ ਤਾਇਨਾਤ ਕੀਤੇ ਹਨ। ਕੇਂਦਰੀ ਹਥਿਆਰਬੰਦ ਪੁਲਿਸ ਬਲ ਦੇ ਜਵਾਨ ਤਾਇਨਾਤ ਕੀਤੇ ਗਏ ਹਨ। ਇੱਕ ਅਧਿਕਾਰੀ ਨੇ ਦੱਸਿਆ ਕਿ ਦਿੱਲੀ ਪੁਲਿਸ ਨੇ ਜੰਤਰ-ਮੰਤਰ ਵਿਰੋਧ ਸਥਾਨ ਦੇ ਨੇੜੇ 'ਆਪ' ਆਗੂਆਂ ਅਤੇ ਏਆਈਐਸਏ ਵਰਕਰਾਂ ਸਮੇਤ ਲਗਭਗ 150 ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿੱਚ ਲਿਆ। ਦਿੱਲੀ ਪੁਲਿਸ ਅਤੇ ਬੀਐਸਐਫ ਦੇ ਜਵਾਨਾਂ ਨੂੰ ਦਿੱਲੀ ਵੱਲ ਜਾਣ ਵਾਲੇ ਡੀਐਨਡੀ ਕੈਰੇਜਵੇਅ 'ਤੇ ਤਾਇਨਾਤ ਕੀਤਾ ਗਿਆ ਹੈ, ਜਿੱਥੇ ਯਮੁਨਾ ਪੁਲ ਤੋਂ ਠੀਕ ਪਹਿਲਾਂ ਬੈਰੀਕੇਡ ਲਗਾਏ ਗਏ ਹਨ। ਕਰਮਚਾਰੀ ਬੇਤਰਤੀਬੇ ਵਾਹਨਾਂ ਨੂੰ ਰੋਕ ਰਹੇ ਹਨ ਅਤੇ ਡਰਾਈਵਰਾਂ ਅਤੇ ਯਾਤਰੀਆਂ ਤੋਂ ਉਨ੍ਹਾਂ ਦੀਆਂ ਮੰਜ਼ਿਲਾਂ ਅਤੇ ਉਹ ਕਿੱਥੋਂ ਆ ਰਹੇ ਹਨ ਬਾਰੇ ਪੁੱਛ ਰਹੇ ਹਨ। ਪੁਲਿਸ ਕਰਮਚਾਰੀ ਆਪਣੀਆਂ ਨੋਟਬੁੱਕਾਂ ਵਿੱਚ ਡਰਾਈਵਰਾਂ ਅਤੇ ਯਾਤਰੀਆਂ ਦੇ ਵੇਰਵੇ ਵੀ ਦਰਜ ਕਰ ਰਹੇ ਹਨ। ਡਿਊਟੀ 'ਤੇ ਅਧਿਕਾਰੀਆਂ ਨੇ ਕਿਹਾ ਕਿ ਉਹ ਸੀਨੀਅਰ ਅਧਿਕਾਰੀਆਂ ਦੀਆਂ ਹਦਾਇਤਾਂ ਦੀ ਪਾਲਣਾ ਕਰ ਰਹੇ ਹਨ। ਬੈਰੀਕੇਡਿੰਗ ਨੇ ਸੜਕ 'ਤੇ ਆਵਾਜਾਈ ਨੂੰ ਹੌਲੀ ਕਰ ਦਿੱਤਾ ਹੈ, ਲਗਭਗ 100 ਮੀਟਰ ਲੰਬੀ ਕਤਾਰ ਬਣ ਗਈ ਹੈ ਕਿਉਂਕਿ ਵਾਹਨਾਂ ਨੂੰ ਉਪਲਬਧ ਸੜਕ ਦੀ ਅੱਧੀ ਜਗ੍ਹਾ ਵਿੱਚੋਂ ਲੰਘਣਾ ਪੈ ਰਿਹਾ ਹੈ। ਨਵੀਂ ਦਿੱਲੀ ਦੇ ਜੰਤਰ-ਮੰਤਰ 'ਤੇ ਇੱਕ ਵਾਰ ਫਿਰ ਧਰਨਾ-ਪ੍ਰਦਰਸ਼ਨ ਕਰਨ ਦੀ ਕੋਸ਼ਿਸ਼ ਕੀਤੀ ਗਈ। ਇਸ ਦੌਰਾਨ ਦਿੱਲੀ ਪੁਲਿਸ ਵੱਲੋਂ ਸਖ਼ਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਪੁਲਿਸ ਵੱਲੋਂ ਵਿਦਿਆਰਥੀਆਂ ਅਤੇ ਕਾਰਕੁਨਾਂ ਸਮੇਤ ਉੱਥੇ ਪਹੁੰਚ ਰਹੇ ਕਈ ਲੋਕਾਂ ਨੂੰ ਰੋਕਿਆ ਜਾ ਰਿਹਾ ਹੈ ਅਤੇ ਕੁਝ ਨੂੰ ਹਿਰਾਸਤ ਵਿੱਚ ਵੀ ਲਿਆ ਗਿਆ ਹੈ।



## ਐਲਪੀਯੂ ਮਾਮਲੇ 'ਚ ਪੁਲਿਸ ਦਾ ਜੰਮੂ ਤੋਂ ਲੈ ਕੇ ਬੰਬੇ ਤੱਕ 'ਐਕਸ਼ਨ', 9 ਗ੍ਰਿਫ਼ਤਾਰ, 7 ਵਿਦਿਆਰਥੀ ਤੇ 2 ਬਾਹਰੀ

**ਜਲੰਧਰ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਨੇ ਫਗਵਾੜਾ ਵਿਖੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ 'ਚ ਹੋਈ ਹਿੰਸਾ ਅਤੇ ਲੁੱਟ ਦੇ ਮਾਮਲੇ 'ਚ ਵੱਡੀ ਕਾਰਵਾਈ ਕਰਦੇ ਹੋਏ ਹੁਣ ਤੱਕ 9 ਵਿਦਿਆਰਥੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਡੀਆਈਜੀ ਨਵੀਨ ਸਿੰਗਲਾ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਦੌਰਾਨ ਐਲਪੀਯੂ ਮਾਮਲੇ 'ਚ ਕਈ ਵੱਡੇ ਖੁਲਾਸੇ ਕੀਤੇ ਅਤੇ ਦੱਸਿਆ ਕਿ ਕੁੱਲ 20 ਵਿਦਿਆਰਥੀਆਂ ਨੂੰ ਨਾਮਜ਼ਦ ਕੀਤਾ ਗਿਆ ਹੈ। ਪੁਲਿਸ ਨੇ ਮਾਮਲੇ 'ਚ ਕੁੱਲ 3 ਐਫਆਈਆਰ ਦਰਜ ਕੀਤੀਆਂ ਹਨ, ਜਿਨ੍ਹਾਂ ਵਿੱਚ ਇੱਕ ਨਾਬਾਲਗ ਵੀ ਨਾਮਜ਼ਦ ਹੈ। ਡੀਆਈਜੀ ਨੇ ਦੱਸਿਆ ਕਿ ਪੁਲਿਸ ਵੱਲੋਂ ਸ਼ੁਰੂਆਤ ਵਿੱਚ ਕਿਸੇ ਤਰ੍ਹਾਂ ਦੀ ਫੋਰਸ ਦੀ ਵਰਤੋਂ ਨਹੀਂ ਕੀਤੀ ਗਈ ਸੀ। 27 ਤਰੀਕ ਨੂੰ ਵਿਦਿਆਰਥੀਆਂ ਵੱਲੋਂ ਨੈਸ਼ਨਲ ਹਾਈਵੇਅ ਬਲਾਕ ਕੀਤਾ ਗਿਆ ਸੀ। ਵਿਦਿਆਰਥੀਆਂ ਦੀ ਪਹਿਲੀ ਮੰਗ ਰੇਪ ਮਾਮਲੇ ਵਿੱਚ ਪਰਚਾ ਦਰਜ ਕਰਨ ਦੀ ਸੀ। ਪੁਲਿਸ ਨੇ ਪਰਚਾ ਦਰਜ ਕੀਤਾ ਅਤੇ ਵਿਦਿਆਰਥੀਆਂ ਵੱਲੋਂ ਐਸਆਈਟੀ ਦੀ ਮੰਗ ਵੀ ਕੀਤੀ ਗਈ, ਜਿਸ ਨੂੰ ਪੂਰਾ ਕੀਤਾ ਗਿਆ। ਡੀਆਈਜੀ ਮੁਤਾਬਕ, ਇਸ ਤੋਂ ਬਾਅਦ ਵਿਦਿਆਰਥੀ ਸਹਿਮਤ ਹੋ ਗਏ ਸਨ ਅਤੇ ਰਸ਼ਮੀ ਮਿੱਤਲ ਨਾਲ ਵੀ ਵਿਦਿਆਰਥੀਆਂ ਦੀ ਮੀਟਿੰਗ ਹੋਈ ਸੀ। ਉਨ੍ਹਾਂ ਕਿਹਾ ਕਿ 24 ਘੰਟਿਆਂ ਤੱਕ ਬਿਨਾਂ ਕਿਸੇ ਫੋਰਸ ਦੀ ਵਰਤੋਂ ਕੀਤੇ ਬਿਨਾਂ ਵਿਦਿਆਰਥੀਆਂ ਨਾਲ ਗੱਲਬਾਤ ਰਾਹੀਂ ਮਾਮਲਾ ਸੁਲਝਾਉਣ ਦੀ ਕੋਸ਼ਿਸ਼ ਕੀਤੀ ਗਈ। ਵਿਦਿਆਰਥੀਆਂ ਦੀ ਐਸਆਈਟੀ ਨਾਲ ਵੀ ਮੀਟਿੰਗ ਕਰਵਾਈ ਗਈ। ਪਰੰਤੂ ਪ੍ਰਦਰਸ਼ਨਕਾਰੀਆਂ ਵੱਲੋਂ ਅਸਹਿਮਤੀ ਵਿਖਾਉਂਦੇ ਹੋਏ ਪੁਲਿਸ ਦੀਆਂ ਗੱਡੀਆਂ ਦੀ ਭੰਨਤੋੜ ਕੀਤੀ ਗਈ। ਉਨ੍ਹਾਂ ਕਿਹਾ ਕਿ 27 ਤਰੀਕ ਦੀ ਰਾਤ ਨੂੰ ਵੀ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਗਈ ਸੀ ਅਤੇ ਪੁਲਿਸ ਵੱਲੋਂ ਲਗਾਤਾਰ ਗੱਲਬਾਤ ਰਾਹੀਂ ਮਾਮਲਾ ਹੱਲ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ। ਡੀਆਈਜੀ ਨੇ ਦੱਸਿਆ ਕਿ ਪੁਲਿਸ ਨੇ ਇਸ ਮਾਮਲੇ 'ਚ ਬਾਰੀਕੀ ਨਾਲ ਜਾਂਚ ਕਰਦੇ ਹੋਏ ਕੁੱਲ 20 ਲੋਕਾਂ ਨੂੰ ਨਾਮਜ਼ਦ ਕੀਤਾ ਹੈ, ਜਿਨ੍ਹਾਂ ਵਿੱਚ ਇੱਕ ਨਾਬਾਲਿਗ ਵੀ ਸ਼ਾਮਲ ਹੈ। ਉਨ੍ਹਾਂ ਨੇ ਦੱਸਿਆ ਕਿ ਅਜੇ ਤੱਕ ਕੁੱਲ 9 ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿੱਚ 7 ਯੂਨੀਵਰਸਿਟੀ ਦੇ ਹੀ ਵਿਦਿਆਰਥੀ ਹਨ, ਜਦਕਿ 2 ਬਾਹਰੀ ਵਿਅਕਤੀ ਹਨ।

## ਜੇਕਰ ਸਾਡੇ ਖੇਤਰ 'ਤੇ ਹਮਲਾ ਹੋਇਆ, ਤਾਂ ਦੇਵਾਂਗੇ ਮੂੰਹ ਤੋੜ ਜਵਾਬ : ਪੁਤਿਨ

**ਮਾਸਕੋ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਵੀਰਵਾਰ ਨੂੰ ਆਪਣੇ ਦੇਸ਼ ਦੇ ਰੁਖ਼ ਨੂੰ ਦੁਹਰਾਇਆ ਕਿ ਉਹ ਯੂਰਪੀਅਨ ਦੇਸ਼ਾਂ 'ਤੇ ਹਮਲੇ ਦੀ ਯੋਜਨਾ ਨਹੀਂ ਬਣਾ ਰਿਹਾ ਹੈ, ਪਰ ਜੇਕਰ ਇਸ 'ਤੇ ਹਮਲਾ ਕੀਤਾ ਜਾਂਦਾ ਹੈ, ਤਾਂ ਉਹ ਇਸ ਦਾ ਜਵਾਬ "ਆਪਣੇ ਹਥਿਆਰਾਂ ਵਿੱਚ ਮੌਜੂਦ ਸਾਰੇ ਹਥਿਆਰਾਂ ਨਾਲ" ਦੇਣਗੇ। ਇੱਕ ਵਿਦੇਸ਼ ਨੀਤੀ ਫੋਰਮ ਵਿੱਚ ਬੋਲਦੇ ਹੋਏ ਪੁਤਿਨ ਨੇ ਪੱਛਮੀ ਦੇਸ਼ਾਂ ਅਤੇ ਯੂਰਪ 'ਤੇ ਆਉਣ ਵਾਲੇ ਸਾਲਾਂ ਵਿੱਚ ਰੂਸ ਨਾਲ ਯੁੱਧ ਦੀ ਤਿਆਰੀ, ਬਾਲਟਿਕ ਸਾਗਰ ਵਿੱਚ ਫੌਜੀ ਅਭਿਆਸ ਕਰਨ ਅਤੇ ਰੂਸੀ ਜਹਾਜ਼ਾਂ ਨੂੰ ਜ਼ਬਤ ਕਰਨ ਦੀ ਗੱਲ ਕਰਕੇ ਤਣਾਅ ਵਧਾਉਣ ਦਾ ਦੋਸ਼ ਲਗਾਇਆ। ਮਾਸਕੋ ਨੇ ਪਹਿਲਾਂ ਨਾਟੋ ਨੂੰ ਚੇਤਾਵਨੀ ਦਿੱਤੀ ਸੀ ਕਿ ਜੇਕਰ ਫੌਜੀ ਗੱਠਜੋੜ ਦਾ ਕੋਈ ਮੈਂਬਰ ਬਾਲਟਿਕ ਐਨਕਲੇਵ ਨੂੰ ਰੂਸ ਦੇ ਬਾਕੀ ਹਿੱਸੇ ਤੋਂ ਕੱਟਣ ਦੀ ਕੋਸ਼ਿਸ਼ ਕਰਦਾ ਹੈ ਤਾਂ ਉਹ ਕੈਲਿਨਿਨਗ੍ਰਾਡ ਦੀ ਰੱਖਿਆ ਲਈ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਕਰਨ ਤੋਂ ਨਹੀਂ ਝਿਜਕੇਗਾ। ਕਈ ਯੂਰਪੀਅਨ ਦੇਸ਼ਾਂ ਵਿੱਚ ਰੂਸੀ ਦੂਤਾਵਾਸਾਂ ਨੇ ਇਸ ਹਫ਼ਤੇ ਬਿਆਨ ਜਾਰੀ ਕੀਤੇ ਸਨ ਕਿ ਮਾਸਕੋ ਕੋਲ "ਜਾਣਕਾਰੀ ਹੈ ਕਿ ਨਾਟੋ ਕੈਲਿਨਿਨਗ੍ਰਾਡ ਖੇਤਰ ਦੀ ਹਵਾਈ ਅਤੇ ਜਲ ਸੈਨਾ ਨਾਕਾਬੰਦੀ ਲਈ ਤਿਆਰੀ ਕਰ ਰਿਹਾ ਹੈ।" ਜਦੋਂ ਵੀਰਵਾਰ ਨੂੰ ਵਾਲਦਾਈ ਕਲੱਬ ਫੋਰਮ ਵਿੱਚ ਪੁਤਿਨ ਤੋਂ ਪੁੱਛਿਆ ਗਿਆ ਕਿ ਕੀ ਰੂਸ ਨਾਟੋ ਨਾਲ ਜੰਗ ਦੇ ਕੰਢੇ 'ਤੇ ਹੈ ਜਾਂ ਕੀ ਦੋਵੇਂ ਇੱਕ ਦੂਜੇ ਨੂੰ ਡਰਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਤਾਂ ਉਨ੍ਹਾਂ ਕਿਹਾ, "ਇਹ ਡਰਾਉਣ ਦੀ ਕੋਸ਼ਿਸ਼ ਨਹੀਂ ਹੈ; ਇਹ ਸਾਨੂੰ ਡਰਾਉਣ ਦੀ ਕੋਸ਼ਿਸ਼ ਦਾ ਜਵਾਬ ਹੈ।" ਉਨ੍ਹਾਂ ਇਹ ਵੀ ਕਿਹਾ, "ਨਾਟੋ ਨੂੰ ਪਿਛਲੀ ਚੇਤਾਵਨੀ ਵਿੱਚ ਸਭ ਕੁਝ ਸਪੱਸ਼ਟ ਤੌਰ 'ਤੇ ਦੱਸਿਆ ਗਿਆ ਸੀ।" ਪੁਤਿਨ ਨੇ ਇਹ ਨਹੀਂ ਕਿਹਾ ਕਿ ਰੂਸ ਅਜਿਹੀ ਸਥਿਤੀ ਵਿੱਚ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਕਰੇਗਾ, ਪਰ ਉਨ੍ਹਾਂ ਇਹ ਜ਼ਰੂਰ ਕਿਹਾ ਕਿ ਉਸ ਕੋਲ ਅਜਿਹੇ ਹਥਿਆਰ ਹਨ ਜੋ ਕਿਸੇ ਹੋਰ ਕੋਲ ਨਹੀਂ ਹਨ ਅਤੇ ਇਹ ਵਿਚਾਰ ਕਰੇਗਾ ਕਿ ਹਮਲੇ ਦੀ ਸਥਿਤੀ ਵਿੱਚ ਕਿਹੜੇ ਹਥਿਆਰਾਂ ਦੀ ਵਰਤੋਂ ਕਰਨੀ ਹੈ। ਨਾਟੋ ਨੇ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਬਾਰੇ ਰੂਸ ਦੀ ਚੇਤਾਵਨੀ ਦਾ ਜਵਾਬ ਦਿੱਤਾ ਸੀ। ਨਾਟੋ ਦੇ ਬੁਲਾਰੇ ਐਲੀਸਨ ਹਾਰਟ ਨੇ ਬੁੱਧਵਾਰ ਨੂੰ ਪੁਸ਼ਟੀ ਕੀਤੀ ਕਿ ਰੂਸ ਨੇ ਅਮਰੀਕਾ ਦੀ ਅਗਵਾਈ ਵਾਲੇ ਫੌਜੀ ਗਠਜੋੜ ਨੂੰ ਇੱਕ ਲਿਖਤੀ ਸੁਨੇਹਾ ਭੇਜਿਆ ਹੈ। ਉਨ੍ਹਾਂ ਕਿਹਾ, "ਅਸੀਂ ਤਾਕਤ ਦੀ ਵਰਤੋਂ ਦੀ ਗੈਰ-ਜ਼ਿੰਮੇਵਾਰ ਧਮਕੀ ਦੀ ਸਖ਼ਤ ਨਿੰਦਾ ਕਰਦੇ ਹਾਂ, ਜਿਸ ਵਿੱਚ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਦੀ ਧਮਕੀ ਵੀ ਸ਼ਾਮਲ ਹੈ।"



## ਬੰਦੀ ਸਿੰਘਾਂ ਦੀ ਰਿਹਾਈ ਲਈ ਫਤਹਿਗੜ੍ਹ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤੱਕ ਰੋਸ ਮਾਰਚ ਸ਼ੁਰੂ



**ਸ੍ਰੀ ਫ਼ਤਹਿਗੜ੍ਹ ਸਾਹਿਬ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਕੌਮੀ ਇਨਸਾਫ ਮੋਰਚਾ ਵੱਲੋਂ ਸ਼ੁੱਕਰਵਾਰ ਨੂੰ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਤੱਕ ਦੋ ਰੋਜ਼ਾ ਰੋਸ ਮਾਰਚ ਸ਼ੁਰੂ ਹੋਇਆ। ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਅਰਦਾਸ ਕਰਨ ਉਪਰੰਤ ਰੋਸ ਮਾਰਚ ਰਵਾਨਾ ਹੋਇਆ। ਇਸ ਮੌਕੇ ਵੱਖ-ਵੱਖ ਸਿਆਸੀ, ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ। ਰੋਸ ਮਾਰਚ ਵਿੱਚ ਕੌਮੀ ਇਨਸਾਫ ਮੋਰਚਾ ਦੇ ਬਾਪੂ ਗੁਰਚਰਨ ਸਿੰਘ, ਸਾਬਕਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਅਕਾਲੀ ਦਲ ਵਾਰਿਸ ਪੰਜਾਬ ਦੇ ਮੁਖੀ ਅਤੇ ਸਾਬਕਾ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਖਾਲਸਾ, ਵਿਧਾਇਕ ਮਨਪ੍ਰੀਤ ਸਿੰਘ ਇਯਾਲੀ, ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਸਮੇਤ ਕਈ ਆਗੂ ਪਹੁੰਚੇ। ਆਗੂਆਂ ਨੇ ਕਿਹਾ ਕਿ ਮਾਰਚ ਦਾ ਮਕਸਦ ਬੰਦੀ ਸਿੰਘਾਂ ਦੀ ਰਿਹਾਈ ਦੇ ਮੁੱਦੇ ਨੂੰ ਲੈ ਕੇ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਸਰਕਾਰਾਂ ਤੱਕ ਆਪਣੀ ਮੰਗ ਪਹੁੰਚਾਉਣਾ ਹੈ।



## ਪੰਜਾਬ : ਡੀ. ਐੱਸ. ਪੀ. ਦ਼ਫਤਰ 'ਤੇ ਫਾਇਰਿੰਗ, ਪੁਲਸ ਨੇ ਪੂਰਾ ਸ਼ਹਿਰ ਕਰ 'ਤਾ ਸੀਲ

**ਜਲਾਲਾਬਾਦ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜਲਾਲਾਬਾਦ ਵਿਚ ਵੀਰਵਾਰ ਸ਼ਾਮ ਉਸ ਸਮੇਂ ਹੜਕੰਪ ਮਚ ਗਿਆ ਜਦੋਂ ਡੀਐੱਸਪੀ ਦਫ਼ਤਰ ਦੇ ਬਾਹਰ ਕੁਝ ਮੋਟਰਸਾਈਕਲਾਂ 'ਤੇ ਸਵਾਰ ਨੌਜਵਾਨਾਂ ਵੱਲੋਂ ਅਚਾਨਕ ਫਾਇਰਿੰਗ ਕੀਤੇ ਜਾਣ ਦੀ ਘਟਨਾ ਸਾਹਮਣੇ ਆਈ। ਡੀਐੱਸਪੀ ਦਫ਼ਤਰ ਦੇ ਬਾਹਰ ਫਾਇਰਿੰਗ ਦੀ ਸੂਚਨਾ ਮਿਲਦਿਆਂ ਹੀ ਆਸ-ਪਾਸ ਦੇ ਇਲਾਕੇ ਵਿਚ ਦਹਿਸ਼ਤ ਦਾ ਮਾਹੌਲ ਬਣ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰ ਦਿੱਤੀ। ਥਾਣਾ ਸਿਟੀ ਜਲਾਲਾਬਾਦ ਦੇ ਇੰਸਪੈਕਟਰ ਮੋਹਿਤ ਧਵਨ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਬੱਤੀਵਾਲਾ ਚੌਕ ਵੱਲੋਂ 3-4 ਮੋਟਰਸਾਈਕਲਾਂ 'ਤੇ ਸਵਾਰ ਕੁਝ ਸ਼ੱਕੀ ਨੌਜਵਾਨ ਡੀਐੱਸਪੀ ਦਫ਼ਤਰ ਵੱਲ ਜਾ ਰਹੇ ਹਨ। ਪੁਲਸ ਅਨੁਸਾਰ ਡੀਐੱਸਪੀ ਦਫ਼ਤਰ ਦੇ ਬਾਹਰ ਪਹੁੰਚਣ ਤੋਂ ਬਾਅਦ ਫਾਇਰਿੰਗ ਦੀ ਘਟਨਾ ਵਾਪਰੀ। ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਪੁਲਸ ਨੇ ਤੁਰੰਤ ਕਾਰਵਾਈ ਕਰਦਿਆਂ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇੰਸਪੈਕਟਰ ਮੋਹਿਤ ਧਵਨ ਅਨੁਸਾਰ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਦੀ ਪਛਾਣ ਸੋਨਾ ਸਿੰਘ ਅਤੇ ਸੋਨੂੰ ਵਾਸੀ ਅਮੀਰ ਖ਼ਾਸ ਅਤੇ ਆਕਾਸ਼ ਪੁੱਤਰ ਪਰਮਜੀਤ ਵਜੋਂ ਹੋਈ ਹੈ। ਪੁਲਸ ਨੇ ਗ੍ਰਿਫ਼ਤਾਰ ਕੀਤੇ ਗਏ ਸ਼ੱਕੀਆਂ ਕੋਲੋਂ ਇਕ ਨਾਜਾਇਜ਼ ਪਿਸਤੌਲ ਬਰਾਮਦ ਕੀਤੇ ਜਾਣ ਦੀ ਗੱਲ ਆਖੀ ਹੈ। ਥਾਣਾ ਮੁਖੀ ਨੇ ਦੱਸਿਆ ਕਿ ਘਟਨਾ ਤੋਂ ਬਾਅਦ ਕੁਝ ਹੋਰ ਸ਼ੱਕੀ ਵਿਅਕਤੀ ਮੌਕੇ ਤੋਂ ਨਿਕਲ ਗਏ, ਜਿਨ੍ਹਾਂ ਦੀ ਭਾਲ ਲਈ ਪੁਲਸ ਵੱਲੋਂ ਵੱਖ-ਵੱਖ ਥਾਵਾਂ 'ਤੇ ਨਾਕਾਬੰਦੀ ਕੀਤੀ ਗਈ ਹੈ। ਪੁਲਸ ਦੀਆਂ ਵੱਖ-ਵੱਖ ਟੀਮਾਂ ਵੱਲੋਂ ਸ਼ੱਕੀ ਵਿਅਕਤੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਕਾਬੂ ਕਰਨ ਲਈ ਕਾਰਵਾਈ ਕੀਤੀ ਜਾ ਰਹੀ ਹੈ। ਇੰਸਪੈਕਟਰ ਮੋਹਿਤ ਧਵਨ ਨੇ ਦੱਸਿਆ ਕਿ ਹੁਣ ਤੱਕ ਦੀ ਜਾਣਕਾਰੀ ਅਨੁਸਾਰ ਘਟਨਾ ਦੌਰਾਨ ਇਕ ਰਾਊਂਡ ਫਾਇਰ ਹੋਣ ਦੀ ਸੂਚਨਾ ਮਿਲੀ ਹੈ। ਹਾਲਾਂਕਿ ਅਜੇ ਇਹ ਸਪੱਸ਼ਟ ਨਹੀਂ ਹੋਇਆ ਕਿ ਗੋਲੀ ਪੁਲਸ ਵੱਲੋਂ ਬਰਾਮਦ ਕੀਤੇ ਗਏ ਪਿਸਤੌਲ ਤੋਂ ਚੱਲੀ ਸੀ ਜਾਂ ਕਿਸੇ ਹੋਰ ਹਥਿਆਰ ਤੋਂ ਫਾਇਰ ਕੀਤਾ ਗਿਆ ਸੀ।



ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

# 30ਵਾਂ
# ਸਲਾਨਾ ਗੁਰਮਤਿ ਸਮਾਗਮ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404







ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ




Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਭਾਰਤ ਦੀਆਂ ਵੱਖ ਵੱਖ ਜੇਲਾਂ ਵਿੱਚ ਨਜ਼ਰਬੰਦ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ

# ਪਾਵਨ ਪਵਿੱਤਰ ਸ਼ਹੀਦਾਂ ਦੇ ਅਸਥਾਨ ਗੁਰਦੁਆਰਾ ਫਤਿਹਗੜ ਸਾਹਿਬ ਸਰਹੰਦ ਤੋਂ "ਬੰਦੀ ਸਿੰਘ ਰਿਹਾਈ ਚੇਤਨਾ ਮਾਰਚ" ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਅਤੇ ਪੰਜ ਪਿਆਰੇ ਸਾਹਿਬਾਨਾਂ ਦੀ ਅਗਵਾਈ ਵਿੱਚ 'ਕੌਮੀ ਇਨਸਾਫ ਮੋਰਚੇ' ਵੱਲੋਂ ਰਵਾਨਾ ਕੀਤਾ ਗਿਆ













ਭਾਰਤ ਦੀਆਂ ਵੱਖ ਵੱਖ ਜੇਲਾਂ ਵਿੱਚ ਨਜ਼ਰਬੰਦ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਅੱਜ 2 ਅਕਤੂਬਰ 2026 ਨੂੰ ਪਾਵਨ ਪਵਿੱਤਰ ਸ਼ਹੀਦਾਂ ਦੇ ਅਸਥਾਨ ਗੁਰਦੁਆਰਾ ਫਤਿਹਗੜ ਸਾਹਿਬ ਸਰਹੰਦ ਤੋਂ "ਬੰਦੀ ਸਿੰਘ ਰਿਹਾਈ ਚੇਤਨਾ ਮਾਰਚ" ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਅਤੇ ਪੰਜ ਪਿਆਰੇ ਸਾਹਿਬਾਨਾਂ ਦੀ ਅਗਵਾਈ ਵਿੱਚ 'ਕੌਮੀ ਇਨਸਾਫ ਮੋਰਚੇ' ਵੱਲੋਂ ਕੀਤਾ ਗਿਆ ਜਿਸ ਵਿੱਚ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਪੰਥਕ ,ਕਿਸਾਨ ,ਸਮਾਜਿਕ ,ਇਨਸਾਫ਼ ਪਸੰਦ ਜਥੇਬੰਦੀਆਂ ਸਿੱਖ ਅਤੇ ਗੈਰ ਸਿੱਖ ਇਨਸਾਫ ਪਸੰਦ ਲੋਕਾਂ ਵੱਲੋਂ ਵੱਡੀ ਗਿਣਤੀ ਚ ਹਾਜ਼ਰੀ ਭਰੀ ਗਈ ਅਤੇ ਇਸ ਮਸਲੇ ਤੇ ਇਕਜੁੱਟਤਾ ਦਾ ਪ੍ਰਗਟਾਵਾ ਕੀਤਾ ਇਹ ਮਾਰਚ 3 ਅਕਤੂਬਰ ਸ਼ਾਮ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸਮਾਪਤ ਹੋਵੇਗਾ।



(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਰਤ ਦੀਆਂ ਵੱਖ ਵੱਖ ਜੇਲਾਂ ਵਿੱਚ ਨਜ਼ਰਬੰਦ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ

# ਪਾਵਨ ਪਵਿੱਤਰ ਸ਼ਹੀਦਾਂ ਦੇ ਅਸਥਾਨ ਗੁਰਦੁਆਰਾ ਫਤਿਹਗੜ੍ਹ ਸਾਹਿਬ ਸਰਹੰਦ ਤੋਂ ''ਬੰਦੀ ਸਿੰਘ ਰਿਹਾਈ ਚੇਤਨਾ ਮਾਰਚ'' ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਅਤੇ ਪੰਜ ਪਿਆਰੇ ਸਾਹਿਬਾਨਾਂ ਦੀ ਅਗਵਾਈ ਵਿੱਚ 'ਕੌਮੀ ਇਨਸਾਫ ਮੋਰਚੇ' ਵੱਲੋਂ ਰਵਾਨਾ ਕੀਤਾ ਗਿਆ











ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

“ਜੇ ਆਡੀਓ ਤੁਹਾਡੀ ਹੈ ਤਾਂ ‘ਉਪਰੋਂ’ ਕੌਣ ਸੀ ? ਜੇ ਨਹੀਂ ਤਾਂ ਫੋਰੈਂਸਿਕ ਜਾਂਚ ਤੋਂ ਕਿਉਂ ਭੱਜਣਾ ?”- ਪ੍ਰੋ. ਸਰਚਾਂਦ ਸਿੰਘ ਖਿਆਲਾ

# ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਵਿਰਸਾ ਵਲਟੋਹਾ ਨੂੰ ਘੇਰਿਆ



**ਅੰਮ੍ਰਿਤਸਰ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਅਮਰਜੀਤ ਸਿੰਘ ਚਾਵਲਾ ਮਾਮਲੇ ਨਾਲ ਸਬੰਧਿਤ ਬਹਿਰੀਨ ਤੋਂ ਆਈ ਮਹਿਲਾ ਅਤੇ ਅਕਾਲੀ ਆਗੂ ਵਿਰਸਾ ਸਿੰਘ ਵਲਟੋਹਾ ਵਿਚਾਲੇ ਵਿੱਤੀ ਲੈਣ ਦੇਣ ਸੰਬੰਧੀ ਗੱਲਬਾਤ ਦੀ ਵਾਇਰਲ ਹੋ ਰਹੀ ਕਥਿਤ ਆਡੀਓ ਰਿਕਾਰਡਿੰਗ ਨੂੰ ਲੈ ਕੇ ਵਲਟੋਹਾ ਤੋਂ ਤਿੱਖੇ ਸਵਾਲ ਕੀਤੇ ਹਨ। ਉਨ੍ਹਾਂ ਕਿਹਾ ਕਿ ਜੇਕਰ ਆਡੀਓ ਨਾ ਫ਼ਰਜ਼ੀ ਤੇ ਛੇੜਛਾੜ ਵੀ ਨਹੀਂ ਹੋਈ ਅਤੇ ਇਸ ਵਿੱਚ ਸੁਣਾਈ ਦੇ ਰਹੀ ਆਵਾਜ਼ ਵਲਟੋਹਾ ਦੀ ਹੀ ਹੈ ਤਾਂ ਮਾਮਲਾ ਅਕਾਲੀਆਂ ਦੀ ਨੈਤਿਕਤਾ ਨਾਲ ਜੁੜਿਆ ਹੋਣ ਕਰਕੇ ਬੇਹੱਦ ਗੰਭੀਰ ਹੈ ਅਤੇ ਇਸ ਦੀ ਤਹਿ ਤੱਕ ਜਾਣਾ ਲਾਜ਼ਮੀ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਕਥਿਤ ਆਡੀਓ ਵਿੱਚ ਵਲਟੋਹਾ ਦਾ ਵਿੱਤੀ ਲੈਣ ਦੇਣ ਬਾਰੇ ਇਹ ਵਾਕ ਕਿ “ਇਹ ਮੇਰੇ ਵੱਲੋਂ ਨਹੀਂ, ਉਪਰੋਂ ਹੀ ਡਿਸਾਈਡ ਹੋ ਗਿਆ”, ਸਭ ਤੋਂ ਵੱਡਾ ਸਵਾਲ ਖੜ੍ਹਾ ਕਰਦਾ ਹੈ। ਉਨ੍ਹਾਂ ਕਿਹਾ ਕਿ ਜੇ ਫੋਰੈਂਸਿਕ ਜਾਂਚ ਵਿੱਚ ਆਵਾਜ਼ ਦੀ ਪੁਸ਼ਟੀ ਹੁੰਦੀ ਹੈ ਤਾਂ ਵਲਟੋਹਾ ਨੂੰ ਸੰਗਤ ਦੇ ਸਾਹਮਣੇ ਸਪਸ਼ਟ ਕਰਨਾ ਚਾਹੀਦਾ ਹੈ ਕਿ “ਉਪਰੋਂ” ਤੋਂ ਉਨ੍ਹਾਂ ਦੀ ਮੁਰਾਦ ਕਿਸ ਤੋਂ ਸੀ ? ਕੀ ਇਹ ਕਿਸੇ ਸੀਨੀਅਰ ਅਕਾਲੀ ਨੇਤਾ ਵੱਲ ਇਸ਼ਾਰਾ ਸੀ, ਕਿਸੇ ਸੰਸਥਾਗਤ ਫ਼ੈਸਲੇ ਵੱਲ ਜਾਂ ਕਿਸੇ ਹੋਰ ਵਿਅਕਤੀ ਵੱਲ ?

“ਇਹ ਕੋਈ ਆਮ ਗੱਲਬਾਤ ਨਹੀਂ ਕਿ ਇੱਕ ਵਾਕ ਬੋਲ ਕੇ ਮਾਮਲਾ ਖ਼ਤਮ ਕਰ ਦਿੱਤਾ ਜਾਵੇ। ਜੇ ਆਡੀਓ ਅਸਲੀ ਹੈ ਤਾਂ ‘ਉਪਰੋਂ’ ਹੋਏ ਕਥਿਤ ਫ਼ੈਸਲੇ ਦਾ ਪੂਰਾ ਸੰਦਰਭ ਸਾਹਮਣੇ ਆਉਣਾ ਚਾਹੀਦਾ ਹੈ। ਜੇ ਆਡੀਓ ਨਕਲੀ ਹੈ ਤਾਂ ਵਲਟੋਹਾ ਨੂੰ ਤੁਰੰਤ ਫੋਰੈਂਸਿਕ ਜਾਂਚ ਦੀ ਮੰਗ ਕਰਨੀ ਚਾਹੀਦੀ ਹੈ,” ਪ੍ਰੋ. ਖਿਆਲਾ ਨੇ ਕਿਹਾ। ਪ੍ਰੋ. ਖਿਆਲਾ ਨੇ ਸਵਾਲ ਕੀਤਾ ਕਿ ਬਹਿਰੀਨ ਤੋਂ ਮਹਿਲਾ ਨੂੰ ਪੰਜਾਬ ਲਿਆਉਣ ਦਾ ਮਕਸਦ ਅਤੇ ਲਿਆਉਣ ਵਿੱਚ ਕਿਸ ਦੀ ਭੂਮਿਕਾ ਸੀ ? ਜੇ ਕਿਸੇ ਆਗੂ ਜਾਂ ਸ਼ਖਸੀਅਤ ਦੀ ਸੰਭਾਵਿਤ ਕਿਰਦਾਰਕੁਸ਼ੀ ਇਸ ਦਾ ਮਕਸਦ ਸੀ ਤਾਂ ਇਹ ਅਕਾਲੀ ਸੋਚ ਦੀ ਇਖ਼ਲਾਕੀ ਪਤਨ ਦੀ ਆਖ਼ਰੀ ਕੜੀ ਹੋਵੇਗੀ। ਉਸ ਮਹਿਲਾ ਨੂੰ ਮਹੀਨਿਆਂ ਤੱਕ ਸ਼੍ਰੋਮਣੀ ਕਮੇਟੀ ਨਾਲ ਸਬੰਧਿਤ ਸਰਾਂਵਾਂ ਵਿੱਚ ਰਹਿਣ ਦੀ ਸਹੂਲਤ ਕਿਸ ਨੇ ਦਿੱਤੀ ? ਉਸ ਦੇ ਰਹਿਣ-ਸਹਿਣ ਦਾ ਖ਼ਰਚਾ ਕੌਣ ਚੁੱਕ ਰਿਹਾ ਸੀ ? ਸਰਾਂ ਦੇ ਰਜਿਸਟਰ, ਬੁਕਿੰਗ ਰਿਕਾਰਡ, ਭੁਗਤਾਨ ਦੇ ਵੇਰਵੇ, ਸੀਸੀਟੀਵੀ ਫੁਟੇਜ ਅਤੇ ਹੋਰ ਸੰਬੰਧਿਤ ਦਸਤਾਵੇਜ਼ ਜਾਂਚ ਦਾ ਹਿੱਸਾ ਬਣਾਏ ਜਾਣੇ ਚਾਹੀਦੇ ਹਨ।

ਉਨ੍ਹਾਂ ਕਿਹਾ ਕਿ ਵਲਟੋਹਾ ਵੱਲੋਂ ਇਸ ਮਹਿਲਾ ਨਾਲ ਕਿਸੇ ਤਰ੍ਹਾਂ ਦੇ ਸਬੰਧ ਤੋਂ ਸਾਫ਼ ਇਨਕਾਰ ਕੀਤਾ ਜਾਂਦਾ ਰਿਹਾ, ਪਰ ਸਾਹਮਣੇ ਆਈ ਕਥਿਤ ਆਡੀਓ ਵਿੱਚ ਮਹਿਲਾ ਨਾਲ ਸਿੱਧੀ ਗੱਲਬਾਤ ਸੁਣਾਈ ਦੇ ਰਹੀ ਹੈ, ਤਾਂ ਇਸ ਵਿਰੋਧਾਭਾਸ ਦਾ ਜਵਾਬ ਵੀ ਵਲਟੋਹਾ ਨੂੰ ਦੇਣਾ ਚਾਹੀਦਾ ਹੈ, ਕਿ ਸੱਚ ਕੀ ਹੈ ? ਪ੍ਰੋ. ਖਿਆਲਾ ਨੇ ਇਹ ਵੀ ਪੁੱਛਿਆ ਕਿ ਜੇਕਰ ਮਾਮਲੇ ਦੀ ਪੂਰੀ ਪਿਛੋਕੜ ਵਿੱਚ ਹੋਰ ਲੋਕਾਂ ਦੀ ਭੂਮਿਕਾ ਜਾਂ ਜਾਣਕਾਰੀ ਸਾਹਮਣੇ ਆਉਂਦੀ ਹੈ ਤਾਂ ਸਿਰਫ਼ ਅਮਰਜੀਤ ਸਿੰਘ ਚਾਵਲਾ ਨੂੰ ਹੀ ਕੇਂਦਰ ਵਿੱਚ ਰੱਖ ਕੇ ਬਾਕੀ ਸੰਭਾਵਿਤ ਕੜੀਆਂ ਦੀ ਜਾਂਚ ਤੋਂ ਕਿਉਂ ਬਚਿਆ ਜਾਵੇ ? “ਵਲਟੋਹਾ ਜੀ, ਸਵਾਲ ਸਿੱਧਾ ਹੈ—ਜੇ ਆਡੀਓ ਤੁਹਾਡੀ ਨਹੀਂ ਤਾਂ ਜਾਂਚ ਕਰਵਾਓ; ਜੇ ਆਵਾਜ਼ ਤੁਹਾਡੀ ਹੈ ਤਾਂ ‘ਉਪਰੋਂ’ ਕੌਣ ਸੀ, ਦੱਸੋ; ਅਤੇ ਜੇ ਗੱਲਬਾਤ ਨੂੰ ਸੰਦਰਭ ਤੋਂ ਕੱਟ ਕੇ ਪੇਸ਼ ਕੀਤਾ ਗਿਆ ਹੈ ਤਾਂ ਪੂਰੀ ਗੱਲਬਾਤ ਜਨਤਕ ਕਰੋ।” ਪ੍ਰੋ. ਖਿਆਲਾ ਨੇ ਕਿਹਾ ਕਿ ਪੰਥਕ ਸੰਸਥਾਵਾਂ ਨਾਲ ਜੁੜੇ ਕਿਸੇ ਵੀ ਮਾਮਲੇ ਵਿੱਚ ਪਾਰਦਰਸ਼ਤਾ ਸਭ ਤੋਂ ਮਹੱਤਵਪੂਰਨ ਹੈ। ਕਿਸੇ ਨੂੰ ਬਿਨਾਂ ਜਾਂਚ ਦੋਸ਼ੀ ਠਹਿਰਾਉਣਾ ਵੀ ਗ਼ਲਤ ਹੈ ਅਤੇ ਕਿਸੇ ਪ੍ਰਭਾਵਸ਼ਾਲੀ ਵਿਅਕਤੀ ਨੂੰ ਸਵਾਲਾਂ ਤੋਂ ਉੱਪਰ ਸਮਝਣਾ ਵੀ। ਉਨ੍ਹਾਂ ਕਿਹਾ ਕਿ ਕਥਿਤ ਗੱਲਬਾਤ ਵਿੱਚ ਮਹਿਲਾ ਵੱਲੋਂ ਆਪਣੇ ਆਪ ਨੂੰ ਕਈ ਮਹੀਨਿਆਂ ਤੋਂ ਪੰਜਾਬ ਵਿੱਚ ਫਸਿਆ ਹੋਇਆ ਦੱਸਣ, ਪਰਿਵਾਰ ਅਤੇ ਬੱਚਿਆਂ ਤੋਂ ਦੂਰ ਰਹਿਣ ਅਤੇ ਪਾਸਪੋਰਟ ਜ਼ਬਤ ਹੋਣ ਵਰਗੇ ਗੰਭੀਰ ਦਾਅਵੇ ਕੀਤੇ ਜਾਣ ਦੀ ਗੱਲ ਸਾਹਮਣੇ ਆ ਰਹੀ ਹੈ। ਇਨ੍ਹਾਂ ਦਾਅਵਿਆਂ ਦੀ ਸਚਾਈ ਜਾਂ ਝੂਠ ਦਾ ਫ਼ੈਸਲਾ ਬਿਆਨਾਂ ਨਾਲ ਨਹੀਂ, ਸਗੋਂ ਪੁਲੀਸ ਜਾਂਚ, ਦਸਤਾਵੇਜ਼ੀ ਸਬੂਤ ਅਤੇ ਫੋਰੈਂਸਿਕ ਜਾਂਚ ਰਾਹੀਂ ਹੋਣਾ ਚਾਹੀਦਾ ਹੈ। ਉਨ੍ਹਾਂ ਮੰਗ ਕੀਤੀ ਕਿ ਮਾਮਲੇ ਨਾਲ ਜੁੜੇ ਸਾਰੇ ਤੱਥਾਂ ਦੀ ਨਿਰਪੱਖ ਜਾਂਚ ਕਰਕੇ ਸੱਚ ਸੰਗਤ ਅਤੇ ਪੰਜਾਬ ਦੇ ਲੋਕਾਂ ਸਾਹਮਣੇ ਲਿਆਂਦਾ ਜਾਵੇ। ਸਿਆਸੀ ਬਿਆਨਬਾਜ਼ੀ ਨਹੀਂ, ਸਬੂਤ ਬੋਲਣੇ ਚਾਹੀਦੇ ਹਨ ਅਤੇ ਜੇ ਕਿਸੇ ਨੇ ਕੁਝ ਛੁਪਾਇਆ ਹੈ ਤਾਂ ਜਾਂਚ ਉਸ ਨੂੰ ਸਾਹਮਣੇ ਲਿਆਵੇ।

## ਜੱਗੀ ਜੌਹਲ ਦੀ ਰਿਹਾਈ ਦਾ ਅਮਰੀਕਾ ਦੀਆਂ

# ਪੰਥਕ ਜਥੇਬੰਦੀਆਂ ਵੱਲੋਂ ਭਰਵਾਂ ਸਵਾਗਤ



**ਨਵੀਂ ਦਿੱਲੀ, 2 ਅਕਤੂਬਰ 2026 (ਮਨਪ੍ਰੀਤ ਸਿੰਘ ਖਾਲਸਾ)**-ਅਮਰੀਕਾ ਦੀਆਂ ਵੱਖ-ਵੱਖ ਪੰਥਕ ਜਥੇਬੰਦੀਆਂ ਨੇ ਬਰਤਾਨਵੀ ਨਾਗਰਿਕ ਅਤੇ ਸਿੱਖ ਮਨੁੱਖੀ ਅਧਿਕਾਰ ਕਾਰਕੁਨ ਜਗਤਾਰ ਸਿੰਘ ‘ਜੱਗੀ’ ਜੌਹਲ ਦੀ ਲਗਭਗ ਨੌਂ ਸਾਲਾਂ ਦੀ ਹਿਰਾਸਤ ਤੋਂ ਬਾਅਦ ਤਿਹਾੜ ਜੇਲ੍ਹ ਤੋਂ ਰਿਹਾਈ ਦਾ ਸਵਾਗਤ ਕਰਦਿਆਂ ਅਕਾਲ ਪੁਰਖ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ ਹੈ। ਜਥੇਬੰਦੀਆਂ ਨੇ ਕਿਹਾ ਕਿ 4 ਨਵੰਬਰ 2017 ਨੂੰ ਗ੍ਰਿਫ਼ਤਾਰੀ ਤੋਂ ਬਾਅਦ ਲੰਮੀ ਹਿਰਾਸਤ ਦਾ ਸਾਹਮਣਾ ਕਰ ਰਹੇ ਜੌਹਲ ਨੂੰ ਮਾਰਚ 2025 ਵਿੱਚ ਮੋਗਾ ਦੀ ਅਦਾਲਤ ਵੱਲੋਂ ਇੱਕ ਕੇਸ ਵਿੱਚ ਬਰੀ ਕੀਤਾ ਗਿਆ ਸੀ ਅਤੇ 18 ਸਤੰਬਰ 2026 ਨੂੰ ਦਿੱਲੀ ਹਾਈ ਕੋਰਟ ਵੱਲੋਂ ਬਾਕੀ ਸੱਤ ਕੌਮੀ ਜਾਂਚ ਏਜੰਸੀ ਦੇ ਮਾਮਲਿਆਂ ਵਿੱਚ ਜ਼ਮਾਨਤ ਮਿਲਣ ਉਪਰੰਤ ਕਾਨੂੰਨੀ ਕਾਰਵਾਈ ਪੂਰੀ ਹੋਣ ’ਤੇ ਉਨ੍ਹਾਂ ਨੂੰ ਰਿਹਾਅ ਕੀਤਾ ਗਿਆ। ਜਥੇਬੰਦੀਆਂ ਨੇ ਰਿਹਾਈ ਨੂੰ ਵੱਡੀ ਰਾਹਤ ਦੱਸਦਿਆਂ ਕਿਹਾ ਕਿ ਬਾਕੀ ਮਾਮਲਿਆਂ ਦਾ ਜਲਦ ਨਿਪਟਾਰਾ ਕਰਕੇ ਉਨ੍ਹਾਂ ਨੂੰ ਆਪਣੇ ਪਰਿਵਾਰ ਕੋਲ ਸਕਾਟਲੈਂਡ ਵਾਪਸ ਜਾਣ ਦੀ ਆਗਿਆ ਦਿੱਤੀ ਜਾਣੀ ਚਾਹੀਦੀ ਹੈ। ਜਥੇਬੰਦੀਆਂ ਨੇ ਜੌਹਲ ਦੇ ਮਾਤਾ-ਪਿਤਾ, ਪਤਨੀ, ਭਰਾ ਗੁਰਪ੍ਰੀਤ ਸਿੰਘ ਜੌਹਲ, ਕਾਨੂੰਨੀ ਟੀਮ ਅਤੇ ਉਨ੍ਹਾਂ ਦੀ ਰਿਹਾਈ ਲਈ ਆਵਾਜ਼ ਉਠਾਉਣ ਵਾਲੀਆਂ ਮਨੁੱਖੀ ਅਧਿਕਾਰ ਸੰਸਥਾਵਾਂ ਤੇ ਸਮਰਥਕਾਂ ਦਾ ਧੰਨਵਾਦ ਕੀਤਾ। ਇਸ ਦੇ ਨਾਲ ਹੀ ਉਨ੍ਹਾਂ ਲੰਮੀ ਕੈਦ ਦਾ ਸਾਹਮਣਾ ਕਰ ਰਹੇ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਦੁਹਰਾਉਂਦਿਆਂ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੀ ਮਾਤਾ ਜੀ ਦੀ ਨਾਜ਼ੁਕ ਸਿਹਤ ਦਾ ਹਵਾਲਾ ਦਿੱਤਾ। ਜਥੇਬੰਦੀਆਂ ਨੇ ਹਵਾਰਾ ਨੂੰ ਮਾਤਾ ਜੀ ਨਾਲ ਮਿਲਣ ਲਈ ਲੰਮੀ ਜਾਂ ਨਿਯਮਤ ਪੈਰੋਲ ਦੇਣ ਦੀ ਮੰਗ ਕੀਤੀ। ਉਨ੍ਹਾਂ ਗੁਰਮੀਤ ਰਾਮ ਰਹੀਮ ਨੂੰ ਵਾਰ-ਵਾਰ ਮਿਲੀ ਅਸਥਾਈ ਰਿਹਾਈ ਦਾ ਹਵਾਲਾ ਦਿੰਦਿਆਂ ਸਜ਼ਾ ਅਤੇ ਪੈਰੋਲ ਪ੍ਰਣਾਲੀ ਵਿੱਚ ਇਕਸਾਰਤਾ ਅਤੇ ਬਰਾਬਰੀ ਬਾਰੇ ਸਵਾਲ ਉਠਾਏ। ਨਾਲ ਹੀ ਕਿਸ਼ੋਰੀ ਲਾਲ, ਬਿਲਕੀਸ ਬਾਨੋ ਮਾਮਲੇ ਦੇ ਦੋਸ਼ੀਆਂ ਅਤੇ ਰਾਜੀਵ ਗਾਂਧੀ ਹੱਤਿਆ ਕੇਸ ਦੇ ਦੋਸ਼ੀਆਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਦੇ ਮਾਮਲਿਆਂ ਦਾ ਹਵਾਲਾ ਦੇ ਕੇ ਕਿਹਾ ਕਿ ਕਾਨੂੰਨੀ ਅਤੇ ਮਨੁੱਖੀ ਅਧਾਰ ਵਾਲੇ ਸਿਧਾਂਤ ਸਾਰੇ ਕੈਦੀਆਂ ’ਤੇ ਇਕਸਾਰ ਲਾਗੂ ਹੋਣੇ ਚਾਹੀਦੇ ਹਨ। ਅਮਰੀਕੀ ਪੰਥਕ ਜਥੇਬੰਦੀਆਂ ਨੇ ਜੱਗੀ ਜੌਹਲ ਦੀ ਰਿਹਾਈ ਨੂੰ ਲੰਮੇ ਸੰਘਰਸ਼ ਦੀ ਇੱਕ ਅਹਿਮ ਪ੍ਰਾਪਤੀ ਦੱਸਦਿਆਂ ਸਮੂਹ ਬੰਦੀ ਸਿੰਘਾਂ ਅਤੇ ਲੰਮੀ ਕੈਦ ਜਾਂ ਨਜ਼ਰਬੰਦੀ ਦਾ ਸਾਹਮਣਾ ਕਰ ਰਹੇ ਸਿੱਖ ਨੌਜਵਾਨਾਂ ਦੀ ਰਿਹਾਈ ਲਈ ਕਾਨੂੰਨੀ, ਜਮਹੂਰੀ ਅਤੇ ਸ਼ਾਂਤੀਪੂਰਨ ਸੰਘਰਸ਼ ਜਾਰੀ ਰੱਖਣ ਦਾ ਐਲਾਨ ਕੀਤਾ। ਉਨ੍ਹਾਂ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ, ਭਾਈ ਬਲਵੰਤ ਸਿੰਘ ਰਾਜੋਆਣਾ, ਜਥੇਦਾਰ ਜਗਤਾਰ ਸਿੰਘ ਤਾਰਾ, ਭਾਈ ਪਰਮਜੀਤ ਸਿੰਘ ਭਿਓਰਾ, ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ, ਭਾਈ ਹਰਦੀਪ ਸਿੰਘ ਸ਼ੇਰਾ, ਭਾਈ ਰਮਨਦੀਪ ਸਿੰਘ ਬੱਗਾ ਅਤੇ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਸਮੂਹ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਦਾਸ ਅਤੇ ਯਤਨ ਜਾਰੀ ਰੱਖਣ ਦੀ ਗੱਲ ਕਹੀ। ਜਥੇਬੰਦੀਆਂ ਨੇ ਕਿਹਾ ਕਿ ਜੌਹਲ ਦੀ ਰਿਹਾਈ ਤੋਂ ਬਾਅਦ ਵੀ ਉਨ੍ਹਾਂ ਦੀ ਕਾਨੂੰਨੀ ਲੜਾਈ ਸਮਾਪਤ ਨਹੀਂ ਹੋਈ ਅਤੇ ਸਮੂਹ ਬੰਦੀ ਸਿੰਘਾਂ ਲਈ ਇਨਸਾਫ਼ ਦੀ ਮੰਗ ਜਾਰੀ ਰਹੇਗੀ। ਸਿੱਖ ਕੋਆਰਡੀਨੇਸ਼ਨ ਕਮੇਟੀ ਈਸਟ ਕੋਸਟ (ਅਮਰੀਕਾ), ਅਮਰੀਕਨ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਮਰੀਕਾ, ਬਾਬਾ ਬੰਦਾ ਸਿੰਘ ਬਹਾਦਰ ਇੰਟਰਨੈਸ਼ਨਲ ਸਿੱਖ ਸੋਸਾਇਟੀ, ਸਿੱਖ ਯੂਥ ਆਫ ਅਮਰੀਕਾ, ਸਿੱਖਸ ਫਾਰ ਜਸਟਿਸ (ਐਸਐਫਜੇ), ਸਿੱਖ ਫੈਡਰੇਸ਼ਨ ਅਮਰੀਕਾ, ਸ਼ਹੀਦ ਕਰਤਾਰ ਸਿੰਘ ਸਰਾਭਾ ਸਪੋਰਟਸ ਕਲੱਬ ਨਿਊਯਾਰਕ, ਪੰਥਕ ਸਿੱਖ ਸੋਸਾਇਟੀ ਨਿਊਯਾਰਕ ਅਤੇ ਸੰਤ ਪ੍ਰੇਮ ਸਿੰਘ ਸੋਸਾਇਟੀ ਨਿਊਯਾਰਕ ਵੱਲੋਂ ਉਪਰੋਕਤ ਸਾਂਝਾ ਬਿਆਨ ਮੀਡੀਆ ਨੂੰ ਜਾਰੀ ਕੀਤਾ ਗਿਆ। ਸ. ਹਿੰਮਤ ਸਿੰਘ (ਕੋਆਰਡੀਨੇਟਰ ਐਸਸੀਸੀਈਸੀ), ਸ. ਹਰਜਿੰਦਰ ਸਿੰਘ (ਮੀਡੀਆ ਸਪੋਕਸਮੈਨ ਐਸਸੀਸੀਈਸੀ) ਅਤੇ ਡਾ. ਪ੍ਰਿਤਪਾਲ ਸਿੰਘ (ਕੋਆਰਡੀਨੇਟਰ ਏਜੀਪੀਸੀ) ਨੇ ਇਸ ਸਬੰਧੀ ਜਾਣਕਾਰੀ ਦਿੱਤੀ।

## ਅਕਾਲੀ ਦਲ ਵਾਰਸ ਪੰਜਾਬ ਯੂ.ਕੇ. ਵੱਲੋਂ ਪੰਥਕ ਮਸਲਿਆਂ, ਮੌਜੂਦਾ ਹਾਲਾਤ ਤੇ ਭਵਿੱਖੀ ਰਣਨੀਤੀ ’ਤੇ 4 ਅਕਤੂਬਰ ਨੂੰ ਹੇਜ਼ ਵਿਖੇ ਵਿਸ਼ੇਸ਼ ਪੰਥਕ ਇਕੱਠ



**ਨਵੀਂ ਦਿੱਲੀ 2 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਅਕਾਲੀ ਦਲ ਵਾਰਸ ਪੰਜਾਬ ਯੂ.ਕੇ. ਇਕਾਈ ਵੱਲੋਂ 4 ਅਕਤੂਬਰ, ਦਿਨ ਐਤਵਾਰ ਨੂੰ ਸ਼ਾਮ 4 ਵਜੇ ਗੁਰੂ ਨਾਨਕ ਸਿੱਖ ਅਕੈਡਮੀ, ਸਪਰਿੰਗਫੀਲਡ ਰੋਡ, ਹੇਜ਼ ਵਿਖੇ ਵਿਸ਼ੇਸ਼ ਪੰਥਕ ਇਕੱਠ ਕਰਵਾਇਆ ਜਾ ਰਿਹਾ ਹੈ। ਇਸ ਇਕੱਠ ਦਾ ਮਕਸਦ ਮੌਜੂਦਾ ਪੰਥਕ ਹਾਲਾਤ, ਸਿੱਖ ਕੌਮ ਨਾਲ ਜੁੜੇ ਅਹਿਮ ਮਸਲਿਆਂ ਅਤੇ ਪੰਜਾਬ ਦੇ ਭਵਿੱਖ ਨਾਲ ਸਬੰਧਤ ਚੁਣੌਤੀਆਂ ਬਾਰੇ ਸੰਗਤ ਦੀ ਰਾਇ ਸੁਣਨ ਦੇ ਨਾਲ-ਨਾਲ ਅਗਲੀ ਰਣਨੀਤੀ ’ਤੇ ਵਿਚਾਰ ਕਰਨਾ ਹੈ। ਆਗੂਆਂ ਅਨੁਸਾਰ ਇਹ ਇਕੱਠ ਸਿਰਫ਼ ਰਸਮੀ ਇਕੱਠ ਨਾ ਰਹਿ ਕੇ ਪੰਥਕ ਸਰੋਕਾਰਾਂ ਨੂੰ ਗੰਭੀਰਤਾ ਨਾਲ ਵਿਚਾਰਨ ਅਤੇ ਕੌਮੀ ਮੁੱਦਿਆਂ ’ਤੇ ਸਾਂਝੀ ਸੋਚ ਤਿਆਰ ਕਰਨ ਦਾ ਮੰਚ ਬਣੇਗਾ। ਭਾਈ ਅਜੇਪਾਲ ਸਿੰਘ ਨਾਗੋਕੇ, ਹਰਫੂਲ ਸਿੰਘ ਧਾਲੀਵਾਲ ਅਤੇ ਸਤਿੰਦਰ ਪਾਲ ਸਿੰਘ ਮੰਗੂਵਾਲ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਪੰਥ ਅੱਗੇ ਕਈ ਅਹਿਮ ਸਵਾਲ ਖੜ੍ਹੇ ਹਨ, ਜਿਨ੍ਹਾਂ ’ਤੇ ਸਿਰਫ਼ ਬਿਆਨਬਾਜ਼ੀ ਦੀ ਬਜਾਏ ਗੰਭੀਰ ਵਿਚਾਰ ਅਤੇ ਠੋਸ ਪੰਥਕ ਰਣਨੀਤੀ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਿੱਖ ਕੈਦੀਆਂ ਦੇ ਮਸਲੇ, ਪੰਜਾਬ ਦੇ ਹੱਕਾਂ ਅਤੇ ਸਰੋਕਾਰਾਂ, ਪੰਥਕ ਏਕਤਾ, ਸਿੱਖ ਸੰਸਥਾਵਾਂ ਦੀ ਮਜ਼ਬੂਤੀ ਅਤੇ ਨੌਜਵਾਨ ਪੀੜ੍ਹੀ ਨੂੰ ਗੁਰਬਾਣੀ ਤੇ ਸਿੱਖੀ ਨਾਲ ਜੋੜਨ ਵਰਗੇ ਮੁੱਦਿਆਂ ’ਤੇ ਸੰਗਤ ਦੀ ਸਾਂਝੀ ਆਵਾਜ਼ ਨੂੰ ਅੱਗੇ ਲਿਆਉਣਾ ਸਮੇਂ ਦੀ ਲੋੜ ਹੈ। ਅਕਾਲੀ ਦਲ ਵਾਰਸ ਪੰਜਾਬ ਯੂ.ਕੇ. ਦੀ ਟੀਮ ਨੇ ਸਮੂਹ ਗੁਰੂ-ਰੂਪ ਸਾਧ ਸੰਗਤ, ਪੰਥਕ ਜਥੇਬੰਦੀਆਂ ਅਤੇ ਪੰਜਾਬ ਤੇ ਪੰਥ ਦਾ ਦਰਦ ਰੱਖਣ ਵਾਲੀਆਂ ਸ਼ਖ਼ਸੀਅਤਾਂ ਨੂੰ ਅਪੀਲ ਕੀਤੀ ਕਿ ਉਹ 4 ਅਕਤੂਬਰ ਨੂੰ ਸਮੇਂ ਸਿਰ ਪਹੁੰਚ ਕੇ ਇਸ ਪੰਥਕ ਇਕੱਠ ਵਿੱਚ ਹਾਜ਼ਰੀ ਭਰਨ ਅਤੇ ਕੌਮੀ ਮਸਲਿਆਂ ’ਤੇ ਆਪਣੀ ਰਾਇ ਸਾਂਝੀ ਕਰਨ।

# ਸਠਿਆਲਾ ਪਰਿਵਾਰ ਨੂੰ ਗਹਿਰਾ ਸਦਮਾ, ਬੀਬੀ ਕੁਲਵੰਤ ਕੌਰ ਸਠਿਆਲਾ ਦਾ ਅਮਰੀਕਾ ਵਿਖੇ ਅਕਾਲ ਚਲਾਣਾ

## 35 ਸਾਲ ਅਧਿਆਪਨ, ਸਮਾਜ ਸੇਵਾ ਅਤੇ ਪਰਿਵਾਰਕ ਜੀਵਨ ਵਿੱਚ ਅਹਿਮ ਯੋਗਦਾਨ—ਸਾਦਗੀ ਅਤੇ ਸੇਵਾ ਦੀ ਮੂਰਤ ਸਨ ਬੀਬੀ ਜੀ



**ਅੰਮ੍ਰਿਤਸਰ/ਸਠਿਆਲਾ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਬੀਬੀ ਕੁਲਵੰਤ ਕੌਰ ਸਠਿਆਲਾ, ਧਰਮਪਤਨੀ ਸ. ਮਨਮੋਹਨ ਸਿੰਘ ਸਠਿਆਲਾ, ਸਾਬਕਾ ਵਿਧਾਇਕ, ਸਾਬਕਾ ਚੇਅਰਮੈਨ ਪੀਆਰਟੀਸੀ ਅਤੇ ਸੀਨੀਅਰ ਭਾਜਪਾ ਆਗੂ, ਅਤੇ ਪ੍ਰੋ. ਡਾ. ਸਰਬਜੀਤ ਸਿੰਘ ਸਠਿਆਲਾ ਦੀ ਸਤਿਕਾਰਯੋਗ ਮਾਤਾ ਜੀ, ਦਾ 30 ਸਤੰਬਰ 2026 ਨੂੰ 76 ਸਾਲ ਦੀ ਉਮਰ ਵਿੱਚ ਕੈਲੀਫੋਰਨੀਆ, ਅਮਰੀਕਾ ਦੇ ਇੱਕ ਹਸਪਤਾਲ ਵਿਖੇ ਇਲਾਜ ਦੌਰਾਨ ਅਕਾਲ ਚਲਾਣਾ ਹੋ ਗਿਆ। ਉਨ੍ਹਾਂ ਦੇ ਵਿਛੋੜੇ ਨਾਲ ਸਠਿਆਲਾ ਪਰਿਵਾਰ, ਰਿਸ਼ਤੇਦਾਰਾਂ, ਸਨੇਹੀਆਂ ਅਤੇ ਉਨ੍ਹਾਂ ਨਾਲ ਜੁੜੇ ਸਮਾਜਿਕ ਵਰਗਾਂ ਵਿੱਚ ਡੂੰਘਾ ਸੋਗ ਪਾਇਆ ਜਾ ਰਿਹਾ ਹੈ।

ਪਰਿਵਾਰਕ ਸੂਤਰ ਪ੍ਰੋ. ਸਰਚਾਂਦ ਸਿੰਘ ਖਿਆਲਾ ਅਨੁਸਾਰ, ਬੀਬੀ ਜੀ ਦੀ ਅੰਤਿਮ ਵਿਦਾਇਗੀ (ਸਸਕਾਰ) 7 ਅਕਤੂਬਰ 2026, ਬੁੱਧਵਾਰ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 1 ਵਜੇ ਤੱਕ Shant Bhawan, 4800 E Clayton Ave, Fowler, California ਵਿਖੇ ਹੋਵੇਗੀ। ਉਪਰੰਤ ਅੰਤਿਮ ਅਰਦਾਸ ਦੁਪਹਿਰ 2 ਵਜੇ ਤੋਂ 3:30 ਵਜੇ ਤੱਕ Sikh Center of Pacific Coast, 2211 S Highland Ave, Selma, California ਵਿਖੇ ਹੋਵੇਗੀ। ਪਰਿਵਾਰ ਵੱਲੋਂ ਸਾਕ-ਸੰਬੰਧੀਆਂ, ਮਿੱਤਰਾਂ ਅਤੇ ਸਨੇਹੀਆਂ ਨੂੰ ਅੰਤਿਮ ਵਿਦਾਇਗੀ ਅਤੇ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਬੀਬੀ ਕੁਲਵੰਤ ਕੌਰ ਨੂੰ ਸ਼ਰਧਾਂਜਲੀ ਭੇਟ ਕਰਨ ਦੀ ਬੇਨਤੀ ਕੀਤੀ ਗਈ ਹੈ।

ਬੀਬੀ ਕੁਲਵੰਤ ਕੌਰ ਸਠਿਆਲਾ ਦੇ ਅਕਾਲ ਚਲਾਣੇ ’ਤੇ ਸਠਿਆਲਾ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਭਾਜਪਾ ਪੰਜਾਬ ਦੇ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ, ਸ. ਇਕਬਾਲ ਸਿੰਘ ਲਾਲਪੁਰਾ, ਤਰੁਣ ਚੁੱਘ ਐਮ ਪੀ, ਪ੍ਰਿੰਸੀਪਲ ਜਸਵਿੰਦਰ ਸਿੰਘ ਢਿੱਲੋਂ, ਸੁੱਚਾ ਸਿੰਘ ਛੋਟੇਪੁਰ, ਹਰਭਜਨ ਸਿੰਘ ਤੁੜ, ਦਲਜੀਤ ਸਿੰਘ ਕੋਹਲੀ ਅਤੇ ਪ੍ਰੋ. ਸਰਚਾਂਦ ਸਿੰਘ ਖਿਆਲਾ ਸਮੇਤ ਵੱਖ-ਵੱਖ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਖੇਤਰਾਂ ਨਾਲ ਸਬੰਧਤ ਸ਼ਖ਼ਸੀਅਤਾਂ ਸ਼ਾਮਲ ਹਨ। ਉਨ੍ਹਾਂ ਨੇ ਬੀਬੀ ਕੁਲਵੰਤ ਕੌਰ ਦੇ ਵਿਛੋੜੇ ਨੂੰ ਪਰਿਵਾਰ ਲਈ ਵੱਡਾ ਘਾਟਾ ਦੱਸਦਿਆਂ ਸ. ਮਨਮੋਹਨ ਸਿੰਘ ਸਠਿਆਲਾ ਅਤੇ ਸਮੂਹ ਪਰਿਵਾਰ ਨਾਲ ਡੂੰਘੀ ਹਮਦਰਦੀ ਪ੍ਰਗਟ ਕੀਤੀ ਅਤੇ ਵਿਛੜੀ ਆਤਮਾ ਦੀ ਸ਼ਾਂਤੀ ਲਈ ਅਰਦਾਸ ਕੀਤੀ।

ਬੀਬੀ ਕੁਲਵੰਤ ਕੌਰ ਨੇ ਆਪਣਾ ਲੰਮਾ ਜੀਵਨ ਸਿੱਖਿਆ, ਪਰਿਵਾਰਕ ਸੰਸਕਾਰਾਂ, ਸਮਾਜ ਸੇਵਾ ਅਤੇ ਲੋਕ-ਸੇਵਾ ਦੀ ਭਾਵਨਾ ਨੂੰ ਸਮਰਪਿਤ ਕੀਤਾ। ਉਨ੍ਹਾਂ ਦੀ ਸ਼ਖ਼ਸੀਅਤ ਵਿੱਚ ਮਮਤਾ, ਸਾਦਗੀ, ਸਹਿਣਸ਼ੀਲਤਾ ਅਤੇ ਸੇਵਾ-ਭਾਵਨਾ ਦਾ ਵਿਲੱਖਣ ਸੁਮੇਲ ਸੀ।

15 ਦਸੰਬਰ 1949 ਨੂੰ ਲਖਨਊ ਕੈਂਟੋਨਮੈਂਟ ਵਿਖੇ ਫੌਜੀ ਅਫ਼ਸਰ ਮੇਜਰ ਅਜੈਬ ਸਿੰਘ ਅਤੇ ਮਾਤਾ ਬੀਬੀ ਰਣਜੀਤ ਕੌਰ ਦੇ ਘਰ ਜਨਮੀ ਬੀਬੀ ਕੁਲਵੰਤ ਕੌਰ ਦਾ ਬਚਪਨ ਪਿੰਡ ਖਜ਼ਾਨੇ ਕੋਟ, ਤਹਿਸੀਲ ਬਟਾਲਾ ਵਿਖੇ ਬੀਤਿਆ। ਉਨ੍ਹਾਂ ਨੇ ਅੰਮ੍ਰਿਤਸਰ ਦੇ ਕੈਂਬ੍ਰਿਜ ਹਾਈ ਸਕੂਲ ਤੋਂ ਸਿੱਖਿਆ ਪ੍ਰਾਪਤ ਕਰਨ ਉਪਰੰਤ ਜੇ.ਬੀ.ਟੀ., ਬੀ.ਏ., ਐੱਮ.ਏ. ਅਤੇ ਬੀ.ਐੱਡ. ਦੀਆਂ ਡਿਗਰੀਆਂ ਹਾਸਲ ਕੀਤੀਆਂ।

ਸਾਲ 1970 ਵਿੱਚ ਉਨ੍ਹਾਂ ਦਾ ਵਿਆਹ ਸਠਿਆਲਾ ਨਿਵਾਸੀ ਸ. ਮਨਮੋਹਨ ਸਿੰਘ ਸਠਿਆਲਾ ਨਾਲ ਹੋਇਆ। ਵਿਆਹ ਤੋਂ ਬਾਅਦ ਉਨ੍ਹਾਂ ਨੇ ਪਰਿਵਾਰਕ ਜ਼ਿੰਮੇਵਾਰੀਆਂ ਦੇ ਨਾਲ ਆਪਣੇ ਅਧਿਆਪਨ ਦੇ ਕਿੱਤੇ ਨੂੰ ਵੀ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਇਆ। ਮਾਲ ਰੋਡ ਸਰਕਾਰੀ ਸਕੂਲ, ਅੰਮ੍ਰਿਤਸਰ ਵਿਖੇ ਕਰੀਬ 35 ਸਾਲ ਅਧਿਆਪਕ ਵਜੋਂ ਸੇਵਾ ਨਿਭਾਉਂਦਿਆਂ ਉਨ੍ਹਾਂ ਨੇ ਅਨੇਕਾਂ ਵਿਦਿਆਰਥੀਆਂ ਦੇ ਜੀਵਨ ਨੂੰ ਸਿੱਖਿਆ ਅਤੇ ਸੰਸਕਾਰਾਂ ਨਾਲ ਰੌਸ਼ਨ ਕਰਨ ਵਿੱਚ ਯੋਗਦਾਨ ਪਾਇਆ।

ਉਨ੍ਹਾਂ ਨੇ ਆਪਣੇ ਪਤੀ ਸ. ਮਨਮੋਹਨ ਸਿੰਘ ਸਠਿਆਲਾ ਦੇ ਰਾਜਨੀਤਿਕ ਅਤੇ ਜਨਤਕ ਜੀਵਨ ਵਿੱਚ ਵੀ ਮਜ਼ਬੂਤ ਸਾਥੀ ਦੀ ਭੂਮਿਕਾ ਨਿਭਾਈ। ਸ. ਸਠਿਆਲਾ ਦੇ ਬਿਆਸ ਹਲਕੇ ਤੋਂ ਵਿਧਾਇਕ ਰਹਿਣ ਅਤੇ ਲੋਕ-ਜੀਵਨ ਵਿੱਚ ਸਰਗਰਮ ਰਹਿਣ ਦੌਰਾਨ ਬੀਬੀ ਜੀ ਨੇ ਪਰਿਵਾਰਕ ਜ਼ਿੰਮੇਵਾਰੀਆਂ ਦੇ ਨਾਲ ਸਮਾਜਿਕ ਸਰੋਕਾਰਾਂ ਨੂੰ ਵੀ ਪੂਰੀ ਤਰ੍ਹਾਂ ਨਿਭਾਇਆ।

ਉਨ੍ਹਾਂ ਦਾ ਜੀਵਨ ਇਸ ਗੱਲ ਦੀ ਪ੍ਰੇਰਕ ਮਿਸਾਲ ਰਿਹਾ ਕਿ ਸਿੱਖਿਆ ਸਿਰਫ਼ ਗਿਆਨ ਦੇਣ ਦਾ ਸਾਧਨ ਨਹੀਂ, ਸਗੋਂ ਸਮਾਜ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਗੜ੍ਹਨ ਦਾ ਮਾਧਿਅਮ ਵੀ ਹੈ। ਉਨ੍ਹਾਂ ਦੀ ਨਿਮਰਤਾ, ਮਿਲਾਪੜੇ ਸੁਭਾਅ ਅਤੇ ਸੇਵਾ-ਭਾਵਨਾ ਕਾਰਨ ਉਨ੍ਹਾਂ ਨੂੰ ਜਾਣਨ ਵਾਲਿਆਂ ਦੇ ਦਿਲਾਂ ਵਿੱਚ ਉਨ੍ਹਾਂ ਲਈ ਵਿਸ਼ੇਸ਼ ਸਤਿਕਾਰ ਸੀ। ਬੀਬੀ ਕੁਲਵੰਤ ਕੌਰ ਆਪਣੇ ਪਿੱਛੇ ਇੱਕ ਪੁੱਤਰ ਅਤੇ ਦੋ ਧੀਆਂ, ਦੋ ਪੋਤਰੇ, ਤਿੰਨ ਦੋਹਤੇ ਅਤੇ ਦੋ ਦੋਹਤੀਆਂ ਛੱਡ ਗਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

‘ਰਾਸ਼ਟਰੀ ਹਾਕੀ ਚੈਂਪੀਅਨਸ਼ਿਪ’ ਦੇ ਦੂਜੇ ਦਿਨ ਖਾਲਸਾ ਅਕੈਡਮੀ ਦੇ ਮੈਦਾਨ ਵਿਚ

# ਜਿੱਤ ਲਈ ਜ਼ਬਰਦਸਤ ਟੱਕਰ : ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ



**ਚੌਕ ਮਹਿਤਾ, 2 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਵਿਖੇ ਚੱਲ ਰਹੀ ’ਰਾਸ਼ਟਰੀ ਹਾਕੀ ਚੈਂਪੀਅਨਸ਼ਿਪ’ ਦੇ ਦੂਜੇ ਦਿਨ ਵੀ ਖੇਡ ਮੈਦਾਨ ਵਿੱਚ ਜੋਸ਼, ਉਤਸ਼ਾਹ ਅਤੇ ਮੁਕਾਬਲੇਬਾਜ਼ੀ ਦਾ ਸ਼ਾਨਦਾਰ ਮਾਹੌਲ ਦੇਖਣ ਨੂੰ ਮਿਲਿਆ। ਇਸ ਚੈਂਪੀਅਨਸ਼ਿਪ ਵਿੱਚ ਦੇਸ਼ ਦੇ ਵੱਖ-ਵੱਖ ਰਾਜਾਂ ਤੋਂ ਆਈਆਂ ਕਈ ਟੀਮਾਂ ਨੇ ਉਤਸ਼ਾਹ ਪੂਰਵਕ ਭਾਗ ਲਿਆ। ਦੂਜੇ ਦਿਨ ਕਈ ਰੋਮਾਂਚਕ ਅਤੇ ਫਸਵੇਂ ਮੁਕਾਬਲੇ ਕਰਵਾਏ ਗਏ। ਚੈਂਪੀਅਨਸ਼ਿਪ ਵਿੱਚ ਅੰਡਰ - 14 ਵਰਗ ਦੇ ਸਵੇਰ ਦੇ ਮੁਕਾਬਲਿਆਂ ਵਿੱਚ ਆਰਮੀ ਪਬਲਿਕ ਸਕੂਲ ਕੈਂਟ ਕਾਨਪੁਰ ,ਡੈਕਸਟਰ ਗਲੋਬਲ ਸਕੂਲ ,ਸਾਰਥਾ ਇੰਟਰਨੈਸ਼ਨਲ ਸਕੂਲ ਤਾਮਿਲਨਾਡੂ , ਬਾਬਾ ਖਦੇਰਾ ਸਿੰਘ ਵਿੱਦਿਆ ਮੰਦਰ ਮਥੁਰਾ , ਆਰੀਆ ਗਰਲਜ਼ ਸਕੂਲ ਪਾਨੀਪਤ , ਇੰਡੀਅਨ ਸਕੂਲ ਅਲ ਸੀਬ ਓਮਾਨ, ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ, ਆਰਮੀ ਪਬਲਿਕ ਸਕੂਲ ਦੌਲਾ ਕੌਨ ਦਿੱਲੀ, ਡ੍ਰੀਮ ਵਰਲਡ ਸਕੂਲ ਕਰਨਾਟਕ, ਦੀਆਂ ਟੀਮਾਂ ਨੇ ਹਿੱਸਾ ਲਿਆ ।ਦਿਨ ਦੇ ਮੁੱਖ ਮੁਕਾਬਲਿਆਂ ਵਿੱਚ ਡੈਕਸਟਰ ਗਲੋਬਲ ਸਕੂਲ 11 ਗੋਲ, ਸਾਰਥਾ ਇੰਟਰਨੈਸ਼ਨਲ ਸਕੂਲ ਤਾਮਿਲਨਾਡੂ ਨੇ 3 ਗੋਲ ਅਤੇ ਖਾਲਸਾ ਅਕੈਡਮੀ ਨੇ 13 ਗੋਲ ਕੀਤੇ। ਅੰਡਰ-17 ਵਰਗ ਦੇ ਮੁਕਾਬਲਿਆਂ ਵਿਚ ਲਿਟਲ ਏਜਲ ਸਕੂਲ ਸੋਨੀਪਤ ,ਮਾਡਰਨ ਸਕੂਲ ਵਸੰਤ ਵਿਹਾਰ, ਆਈ ਏ ਟੀ ਵੀ ਐਜੂਕੇਸ਼ਨਲ ਅਕੈਡਮੀ ਇੰਦੌਰ, ਕੋਡਾਗਾ ਵਿਦਿਆਲਿਆ ਸਕੂਲ ਕਰਨਾਟਕ, ਸੱਚਦਾਨੰਦ ਜੋਥੀ ਨਿਕੇਤਨ ਇੰਟਰਨੈਸ਼ਨਲ ਸਕੂਲ ਤਮਿਲਨਾਡੂ, ਸ੍ਰੀ ਠਾਕੁਰ ਦਵਾਰਾ ਬਾਲਿਕਾ ਵਿੱਦਿਆ ਮੰਦਰ ਗਾਜ਼ੀਆਬਾਦ, ਦਿੱਲੀ ਪਬਲਿਕ ਸਕੂਲ ਪਟਨਾ, ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਦੇ ਖਿਡਾਰੀਆਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ। ਦਿਨ ਦੇ ਮੁਕਾਬਲਿਆਂ ਵਿੱਚ ਲਿਟਲ ਏਜਲ ਸਕੂਲ ਸੋਨੀਪਤ ਨੇ 7 ਗੋਲ ਕਰਕੇ ਵਿਰੋਧੀ ਟੀਮ ਨੂੰ ਸ਼ਾਨਦਾਰ ਟੱਕਰ ਦਿੱਤੀ। ਅੰਡਰ-19 ਵਰਗ ਵਿੱਚ ਤਜਰਬੇ ਅਤੇ ਕਾਬਲੀਅਤ ਨਾਲ ਭਰਪੂਰ ਖਿਡਾਰਨਾਂ ਨੇ ਆਪਣੀ ਖੇਡ ਦਾ ਸ਼ਾਨਦਾਰ ਨਮੂਨਾ ਪੇਸ਼ ਕੀਤਾ। ਜਿਸ ਵਿਚ ਕ੍ਰਿਸ਼ਨਾ ਪਬਲਿਕ ਸਕੂਲ ਛੱਤੀਸਗੜ੍ਹ , ਵੇਲਾਮਲ ਵਿਦਆਸ਼ਰਮ ਚੇਨਈ, ਆਰਮੀ ਪਬਲਿਕ ਸਕੂਲ ਲਿਟਲ ਏਂਜਲਸ ਸਕੂਲ ਸੋਨੀਪਤ, ਨੇ ਭਾਗ ਲਿਆ। ਦਿਨ ਦੇ ਫਸਵੇਂ ਮੁਕਾਬਲੇ ਵਿਚ ਵੇਲਾਮਲ ਵਿਦਆਸ਼ਰਮ ਚੇਨਈ ਨੇ 25 ਗੋਲ, ਅਤੇ ਲਿਟਲ ਏਂਜਲਸ ਸਕੂਲ ਸੋਨੀਪਤ ਨੇ 10 ਗੋਲ ਕਰਕੇ ਅਗਲੇ ਪੜਾਅ ਵਿੱਚ ਆਪਣੀ ਜਗ੍ਹਾ ਪੱਕੀ ਕੀਤੀ। ਚੈਂਪੀਅਨਸ਼ਿਪ ਦਾ ਦੂਜਾ ਦਿਨ ਜੋਸ਼, ਜਜ਼ਬੇ ਅਤੇ ਖੇਡ ਪ੍ਰਤਿਭਾ ਦਾ ਸ਼ਾਨਦਾਰ ਸੰਗਮ ਸਾਬਤ ਹੋਇਆ। ਵੱਖ-ਵੱਖ ਰਾਜਾਂ ਤੋਂ ਆਈਆਂ ਖਿਡਾਰਨਾਂ ਨੇ ਆਪਣੀ ਲਾਜਵਾਬ ਕਾਬਲੀਅਤ, ਅਨੁਸ਼ਾਸਨ ਅਤੇ ਦ੍ਰਿੜ੍ਹ ਇਰਾਦੇ ਦਾ ਪ੍ਰਮਾਣ ਦਿੱਤਾ। ਆਉਣ ਵਾਲੇ ਮੁਕਾਬਲਿਆਂ ਵਿੱਚ ਖਿਡਾਰਨਾਂ ਦੇ ਹੋਰ ਵੀ ਦਿਲਚਸਪ ਅਤੇ ਯਾਦਗਾਰ ਪ੍ਰਦਰਸ਼ਨ ਦੀ ਉਮੀਦ ਹੈ।

ਨਸ਼ਿਆਂ ਤੇ ਪਤਿਤਪੁਣੇ ਦੀ ਲਪੇਟ ’ਚ ਆ ਰਹੀ

# ਨੌਜੁਆਨੀ ਨੂੰ ਬਚਾਉਣ ਲਈ ਗੁਰਮਤਿ ਦੀ ਰੌਸ਼ਨੀ ਜ਼ਰੂਰੀ : ਪਰਮਜੀਤ ਸਿੰਘ ਵੀਰਜੀ

☛ ਗੁਰੂਬਾਣੀ ਮਨੁੱਖ ਨੂੰ ਅੰਦਰਲੇ ਵਿਕਾਰਾਂ ’ਤੇ ਕਾਬੂ ਪਾਉਣ ਅਤੇ ਉੱਚੇ ਜੀਵਨ ਵੱਲ ਵਧਣ ਦੀ ਪ੍ਰੇਰਣਾ ਦਿੰਦੀ ਹੈ ☛ ਸਿਰਫ਼ ਚਿੰਤਾ ਪ੍ਰਗਟਾਉਣ ਦੀ ਬਜਾਏ ਬੱਚਿਆਂ ਨੂੰ ਜਮੀਨੀ ਪੱਧਰ ਤੇ ਸਿੱਖੀ, ਸੇਵਾ ਅਤੇ ਸਿੱਖ ਵਿਰਸੇ ਨਾਲ ਜੋੜਨ ਦੀ ਲੋੜ



**ਨਵੀਂ ਦਿੱਲੀ, 2 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਨੌਜੁਆਨ ਪੀੜ੍ਹੀ ਵਿੱਚ ਵੱਧ ਰਿਹਾ ਨਸ਼ਿਆਂ ਦਾ ਰੁਝਾਨ ਅਤੇ ਪਤਿਤਪੁਣਾ ਅੱਜ ਸਮਾਜ ਲਈ ਗੰਭੀਰ ਚੁਣੌਤੀ ਬਣ ਚੁੱਕਾ ਹੈ। ਇਹ ਸਮਾਂ ਸਿਰਫ਼ ਚਿੰਤਾ ਕਰਨ ਜਾਂ ਨੌਜੁਆਨਾਂ ਨੂੰ ਦੋਸ਼ ਦੇਣ ਦਾ ਨਹੀਂ, ਸਗੋਂ ਆਪਣੇ ਘਰਾਂ ਅਤੇ ਸੰਸਥਾਵਾਂ ਅੰਦਰ ਝਾਤ ਮਾਰਨ ਦਾ ਹੈ।ਬੱਚਿਆਂ ਨੂੰ ਸਹੀ ਦਿਸ਼ਾ, ਚੰਗੀ ਸੰਗਤ ਅਤੇ ਜੀਵਨ ਦਾ ਮਕਸਦ ਨਾ ਮਿਲੇ ਤਾਂ ਖਾਲੀਪਣ ਉਨ੍ਹਾਂ ਨੂੰ ਗਲਤ ਰਾਹਾਂ ਵੱਲ ਧੱਕ ਸਕਦਾ ਹੈ। ਇਹ ਪ੍ਰਗਟਾਵਾ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ-ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਕੀਤਾ। ਉਨ੍ਹਾਂ ਕਿਹਾ ਕਿ ਨੌਜੁਆਨੀ ਨੂੰ ਨਸ਼ਿਆਂ ਤੋਂ ਬਚਾਉਣ ਦੀ ਲੜਾਈ ਦਰਅਸਲ ਉਸ ਦੀ ਸੋਚ, ਸੰਸਕਾਰ ਅਤੇ ਭਵਿੱਖ ਨੂੰ ਬਚਾਉਣ ਦੀ ਲੜਾਈ ਹੈ। ਇਸ ਲਈ ਘਰ ਅਤੇ ਗੁਰਦੁਆਰਾ ਦੋਵੇਂ ਬੱਚਿਆਂ ਲਈ ਅਜਿਹੇ ਕੇਂਦਰ ਬਣਨ ਜਿੱਥੇ ਉਨ੍ਹਾਂ ਨੂੰ ਪਿਆਰ, ਮਾਰਗਦਰਸ਼ਨ ਅਤੇ ਆਪਣੀ ਵਿਰਾਸਤ ਨਾਲ ਜੁੜਨ ਦਾ ਮੌਕਾ ਮਿਲੇ। ਉਨ੍ਹਾਂ ਕਿਹਾ ਕਿ ਗੁਰੂਬਾਣੀ ਮਨੁੱਖ ਨੂੰ ਅੰਦਰਲੇ ਵਿਕਾਰਾਂ ’ਤੇ ਕਾਬੂ ਪਾਉਣ ਅਤੇ ਉੱਚੇ ਜੀਵਨ ਵੱਲ ਵਧਣ ਦੀ ਪ੍ਰੇਰਣਾ ਦਿੰਦੀ ਹੈ। ਇਸ ਕਰਕੇ ਬੱਚਿਆਂ ਨੂੰ ਕੇਵਲ ਬਾਣੀ ਪੜ੍ਹਾਉਣਾ ਹੀ ਕਾਫ਼ੀ ਨਹੀਂ, ਸਗੋਂ ਉਸ ਦੇ ਅਰਥ ਅਤੇ ਜੀਵਨ ਨਾਲ ਸਬੰਧ ਵੀ ਸਮਝਾਉਣੇ ਜ਼ਰੂਰੀ ਹਨ। ਜਦੋਂ ਬੱਚਾ ਆਪਣੇ ਗੁਰੂ, ਇਤਿਹਾਸ ਅਤੇ ਵਿਰਸੇ ਨੂੰ ਜਾਣਦਾ ਹੈ ਤਾਂ ਉਸ ਅੰਦਰ ਆਪਣੀ ਪਛਾਣ ਪ੍ਰਤੀ ਮਾਣ ਪੈਦਾ ਹੁੰਦਾ ਹੈ। ਇਸੇ ਮਜ਼ਬੂਤ ਬੁਨਿਆਦ ’ਤੇ ਚੰਗੇ ਚਰਿੱਤਰ ਅਤੇ ਜ਼ਿੰਮੇਵਾਰ ਨਾਗਰਿਕਤਾ ਦੀ ਉਸਾਰੀ ਹੁੰਦੀ ਹੈ।ਸ.ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਮਾਪੇ ਬੱਚਿਆਂ ਨਾਲ ਸਿਰਫ਼ ਹੁਕਮ ਦੇਣ ਵਾਲੇ ਵਜੋਂ ਨਹੀਂ, ਸਗੋਂ ਦੋਸਤ ਬਣ ਕੇ ਗੱਲ ਕਰਨ।ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਜਾਣ ਅਤੇ ਉਨ੍ਹਾਂ ਨੂੰ ਇਕੱਲੇਪਣ ਜਾਂ ਮਾੜੀ ਸੰਗਤ ਦੇ ਹਵਾਲੇ ਨਾ ਕੀਤਾ ਜਾਵੇ।ਜਿਹੜੇ ਨੌਜੁਆਨ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਆ ਚੁੱਕੇ ਹਨ, ਉਨ੍ਹਾਂ ਪ੍ਰਤੀ ਨਫ਼ਰਤ ਜਾਂ ਤਿਰਸਕਾਰ ਦੀ ਥਾਂ ਪਰਿਵਾਰਕ ਸਹਿਯੋਗ, ਇਲਾਜ ਅਤੇ ਮੁੜ ਵਸੇਬੇ ਦੀ ਪਹੁੰਚ ਅਪਣਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸਾਹਿਬਾਨ ਅਤੇ ਪੰਥਕ ਸੰਸਥਾਵਾਂ ਨੂੰ ਵੀ ਨੌਜੁਆਨਾਂ ਦੀਆਂ ਰੁਚੀਆਂ ਨੂੰ ਸਮਝਦਿਆਂ ਧਰਮ ਪ੍ਰਚਾਰ ਨੂੰ ਜ਼ਮੀਨੀ ਪੱਧਰ ’ਤੇ ਲਿਜਾਣਾ ਪਵੇਗਾ। ਜਿੱਥੇ ਬੱਚੇ ਨੂੰ ਬਾਣੀ ਦਾ ਗਿਆਨ, ਸਰੀਰਕ ਤੰਦਰੁਸਤੀ, ਇਤਿਹਾਸ ਦੀ ਸਮਝ ਅਤੇ ਸੇਵਾ ਦਾ ਮੌਕਾ ਇੱਕੋ ਥਾਂ ਮਿਲੇਗਾ, ਉੱਥੇ ਉਸ ਨੂੰ ਗਲਤ ਸੰਗਤ ਤੋਂ ਬਚਾਉਣ ਦੀ ਸੰਭਾਵਨਾ ਵੀ ਮਜ਼ਬੂਤ ਹੋਵੇਗੀ। ਇਸੇ ਸੋਚ ਤਹਿਤ ਸਰਦਾਰ ਪਰਮਜੀਤ ਸਿੰਘ ਵੀਰਜੀ ਵੱਲੋਂ ਧਰਮ ਪ੍ਰਚਾਰ ਦੇ ਖੇਤਰ ਵਿੱਚ ਗੁਰਬਾਣੀ ਕੰਠ ਮੁਕਾਬਲੇ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਸੈਂਚੀਆਂ ਫ੍ਰੀ ਵੰਡਣੀਆਂ, ਗੱਤਕੇ ਦੀਆਂ ਕਲਾਸਾਂ, ਲੋੜਵੰਦ ਪਰਿਵਾਰਾਂ ਨੂੰ ਰਾਸ਼ਨ, ਜ਼ਰੂਰਤਮੰਦ ਵਿਦਿਆਰਥੀਆਂ ਦੀ ਸਕੂਲ ਫੀਸ ਵਿੱਚ ਸਹਾਇਤਾ ਅਤੇ ਸੰਗਤ ਨੂੰ ਇਤਿਹਾਸਿਕ ਗੁਰਦੁਆਰਿਆਂ ਦੇ ਮੁਫ਼ਤ ਦਰਸ਼ਨ ਕਰਵਾਉਣ ਵਰਗੇ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਧਰਮ ਪ੍ਰਚਾਰ ਦਾ ਮਕਸਦ ਸਿਰਫ਼ ਬੋਲਣਾ ਨਹੀਂ, ਸਗੋਂ ਬੱਚਿਆਂ ਨੂੰ ਗੁਰੂ ਨਾਲ ਜੋੜਨਾ, ਲੋੜਵੰਦ ਦਾ ਸਹਾਰਾ ਬਣਨਾ ਅਤੇ ਸਿੱਖੀ ਨੂੰ ਜੀਵਨ ਵਿੱਚ ਉਤਾਰਨ ਲਈ ਮਾਹੌਲ ਸਿਰਜਣਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪਿੰਡ ਲਹਿਰੀ ਵਿਖੇ ਕਾਂਗਰਸੀ ਵਰਕਰਾਂ ਨਾਲ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕੀਤੀ ਮੀਟਿੰਗ





ਤਲਵੰਡੀ ਸਾਬੋ, 2 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਕਾਂਗਰਸ ਪਾਰਟੀ ਵੱਲੋਂ ਪਾਰਟੀ ਨੂੰ ਜ਼ਮੀਨੀ ਪੱਧਰ ’ਤੇ ਹੋਰ ਮਜ਼ਬੂਤ ਕਰਨ ਅਤੇ ਵਰਕਰਾਂ ਨਾਲ ਸਿੱਧਾ ਸੰਪਰਕ ਬਣਾਈ ਰੱਖਣ ਦੇ ਉਦੇਸ਼ ਨਾਲ ਤਲਵੰਡੀ ਸਾਬੋ ਬਲਾਕ ਕਾਂਗਰਸ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਪਿੰਡ ਲਹਿਰੀ ਵਿਖੇ ਕਾਂਗਰਸੀ ਵਰਕਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਪਾਰਟੀ ਦੇ ਸਥਾਨਕ ਆਗੂਆਂ ਅਤੇ ਵਰਕਰਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਵਰਕਰਾਂ ਨਾਲ ਪਾਰਟੀ ਦੀ ਮੌਜੂਦਾ ਸਥਿਤੀ, ਪਿੰਡ ਪੱਧਰ ’ਤੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਲੋਕਾਂ ਨਾਲ ਲਗਾਤਾਰ ਸੰਪਰਕ ਬਣਾਈ ਰੱਖਣ ਸਬੰਧੀ ਵਿਚਾਰ-ਵਟਾਂਦਰਾ ਕੀਤਾ।ਉਨ੍ਹਾਂ ਕਿਹਾ ਕਿ ਕਿਸੇ ਵੀ ਸਿਆਸੀ ਪਾਰਟੀ ਦੀ ਮਜ਼ਬੂਤੀ ਉਸ ਦੇ ਮਿਹਨਤੀ ਵਰਕਰਾਂ ’ਤੇ ਨਿਰਭਰ ਕਰਦੀ ਹੈ ਅਤੇ ਕਾਂਗਰਸ ਦੇ ਵਰਕਰ ਪਿੰਡ-ਪਿੰਡ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝ ਕੇ ਉਨ੍ਹਾਂ ਦੀ ਆਵਾਜ਼ ਬਣਨ ਲਈ ਵਚਨਬੱਧ ਹਨ। ਉਨ੍ਹਾਂ ਵਰਕਰਾਂ ਨੂੰ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਸਰਗਰਮ ਕਰਨ ਅਤੇ ਹਰ ਵਰਗ ਦੇ ਲੋਕਾਂ ਨਾਲ ਰਾਬਤਾ ਵਧਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਤੰਤਰ, ਲੋਕ ਹਿੱਤਾਂ ਅਤੇ ਆਮ ਲੋਕਾਂ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਦੀ ਆ ਰਹੀ ਹੈ। ਇਸ ਮੌਕੇ ਵਰਕਰਾਂ ਵੱਲੋਂ ਪਿੰਡ ਅਤੇ ਇਲਾਕੇ ਨਾਲ ਸਬੰਧਤ ਵੱਖ-ਵੱਖ ਮਸਲੇ ਵੀ ਬਲਾਕ ਪ੍ਰਧਾਨ ਦੇ ਧਿਆਨ ਵਿੱਚ ਲਿਆਂਦੇ ਗਏ। ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਵਰਕਰਾਂ ਨੂੰ ਭਰੋਸਾ ਦਿਵਾਇਆ ਕਿ ਲੋਕਾਂ ਨਾਲ ਜੁੜੇ ਮਸਲਿਆਂ ਨੂੰ ਪਾਰਟੀ ਪੱਧਰ ’ਤੇ ਉਠਾਇਆ ਜਾਵੇਗਾ ਅਤੇ ਵਰਕਰਾਂ ਨੂੰ ਹਰ ਪੱਧਰ ’ਤੇ ਬਣਦਾ ਸਹਿਯੋਗ ਦਿੱਤਾ ਜਾਵੇਗਾ। ਮੀਟਿੰਗ ਦੇ ਅੰਤ ਵਿੱਚ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਸਮੂਹ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਇਕਜੁੱਟ ਹੋ ਕੇ ਕੰਮ ਕਰਨ ਦੀ ਲੋੜ ਹੈ। ਇਸ ਮੌਕੇ ਜਗਤਾਰ ਸਿੰਘ ਮੈਨੂੰਆਣਾ, ਰਣਬੀਰ ਸਿੰਘ ਸੇਖਪੁਰਾ ਜਿਲਾ ਵਾਈਸ ਪ੍ਰਧਾਨ ਬਠਿੰਡਾ ਦਿਹਾਤੀ, ਰਾਮ ਸਿੰਘ ਲੇਲੇਵਾਲਾ, ਜਗਤਾਰ ਸਿੰਘ ਮੈਨੂੰਆਣਾ, ਮੇਜਰ ਸਿੰਘ ਜਗਾ ਰਾਮ ਤੀਰਥ, ਵਿਕਾਸ ਸ਼ਰਮਾ ਤਲਵੰਡੀ, ਬਲਜੀਤ ਸਿੰਘ ਭਾਗੀਵਾਂਦਰ ਯੂਥ ਆਗੂ ਤਲਵੰਡੀ, ਬੱਬੂ ਰਾਮ ਲਹਿਰੀ, ਗੁਰਪ੍ਰੀਤ ਸਿੰਘ ਲਹਿਰੀ, ਪਿੰਡ ਲਹਿਰੀ ਦੇ ਕਾਂਗਰਸੀ ਵਰਕਰ ਅਤੇ ਸਥਾਨਕ ਆਗੂ ਹਾਜ਼ਰ ਸਨ।

## ਵਾਰਡ ਨੰਬਰ 2 ਦੇ ਕੋਸਲਰ ਅਮਰਵੀਰ ਸਿੰਘ ਅਜਾਦ ਅਤੇ ਸੂਬੇਦਾਰ ਤਰਸੇਮ ਸਿੰਘ ਨੇ ਲੋੜਵੰਦ ਲੋਕਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੰਡੀਆਂ



**ਚੌਕ ਮਹਿਤਾ,2 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)** - ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋ ਲੋੜਵੰਦ ਲੋਕਾ ਨੂੰ ਫਰੀ ਰਸੋਈ ਦਾ ਸਮਾਨ ਵੰਡਣ ਦੀ ਚਲਾਈ ਗਈ ਮੁਹਿੰਮ ਦੇ ਤਹਿਤ ਅੱਜ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਨ ਦਲਬੀਰ ਸਿੰਘ ਟੌਂਗ ਅਤੇ ਸੰਜੀਵ ਭੰਡਾਰੀ ਪ੍ਰਧਾਨ ਨਗਰ ਪੰਚਾਇਤ ਰਈਆ ਦੇ ਦਿਸ਼ਾ-ਨਿਰਦੇਸ਼ਾ ਹੇਠ ਵਾਰਡ ਨੰਬਰ 3 ਤੋਂ ਕੌਂਸਲਰ ਅਮਰਵੀਰ ਸਿੰਘ ਆਜ਼ਾਦ ਅਤੇ ਸੂਬੇਦਾਰ ਤਰਸੇਮ ਸਿੰਘ ਨੇ ਡੀਪੂ ਹੋਲਡਰ ਇਕਬਾਲ ਸਿੰਘ ਦੇ ਅਨਾਜ ਡੀਪੂ ਤੇ ਲਾਭਪਾਤਰੀਆਂ ਨੂੰ ਅਨਾਜ ਦੀਆ ਕਿੱਟਾ ਵੰਡੀਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆ ਕੌਂਸਲਰ ਅਮਰਵੀਰ ਸਿੰਘ ਆਜ਼ਾਦ ਨੇ ਕਿਹਾ ਕਿ ਜਦੋਂ ਦੀ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਦੋਂ ਤੋਂ ਹੀ ਲੋੜਵੰਦ ਲੋਕਾਂ ਨੂੰ ਅਨਾਜ ਮਿਲਦਾ ਆ ਰਿਹਾ ਹੈ ਅਤੇ 1 ਜੁਲਾਈ ਤੋ ਮਾਵਾ ਧੀਆ ਸਤਿਕਾਰ ਯੋਜਨਾ ਤਹਿਤ 1000/1500/ ਰੁਪਏ ਦੇ ਹਿਸਾਬ ਨਾਲ ਤਿੰਨ ਤਿੰਨ ਮਹੀਨੇ ਦੇ ਇਕੱਠੇ ਪੈਸੇ ਮਿਲਣੇ ਵੀ ਸ਼ੁਰੂ ਹੋ ਚੁੱਕੇ ਹਨ ਜੋ ਕਿ ਹੁਣ ਫਿਰ ਤਿੰਨ ਮਹੀਨਿਆ ਦੇ ਪੈਸੇ ਮਾਵਾ ਭੈਣਾ ਦੇ ਖਾਤਿਆ ਵਿੱਚ ਆ ਰਹੇ ਹਨ । ਉਹਨਾਂ ਕਿਹਾ ਕਿ ਜੋ ਵੀ ਵਾਅਦੇ ਭਗਵੰਤ ਮਾਨ ਦੀ ਸਰਕਾਰ ਨੇ ਪੰਜਾਬ ਦੇ ਲੋਕਾਂ ਨਾਲ ਕੀਤੇ ਸਨ ਉਹ ਸਾਰੇ ਵਾਅਦੇ ਪੂਰੇ ਕਰ ਦਿੱਤੇ ਗਏ ਹਨ ਤੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਬਹੁਤ ਖੁਸ਼ ਹਨ ਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਦੁਬਾਰਾ ਤੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਨਾਲ ਬਣੇਗੀ। ਇਸ ਮੌਕੇ ਐਡਵੋਕੇਟ ਅਜੇਵੀਰ ਸਿੰਘ ਅਜਾਦ, ਸੂਬੇਦਾਰ ਤਰਸੇਮ ਸਿੰਘ, ਦਵਿੰਦਰ ਸਿੰਘ ਮਾਨ, ਨੰਬਰਦਾਰ ਭੁਪਿੰਦਰ ਸਿੰਘ, ਸੰਦੀਪ ਸਿੰਘ, ਐਡਵੋਕੇਟ ਲੱਖਾ ਸਿੰਘ ਆਜ਼ਾਦ, ਕੁਲਦੀਪ ਸਿੰਘ, ਰਜਿੰਦਰ ਸਿੰਘ, ਭੁਪਿੰਦਰ ਸਿੰਘ ਮਾਨ, ਦਿਲਬਾਗ ਸਿੰਘ, ਜਗਰੂਪ ਸਿੰਘ ਡੈਨੀ, ਜਸਪਾਲ ਸਿੰਘ , ਪ੍ਰੇਮ ਸਿੰਘ ਡੀਪੂ ਹੋਲਡਰ ਇਕਬਾਲ ਸਿੰਘ ਆਦਿ ਹਾਜਰ ਸਨ।

### 25ਵਾਂ ਕ੍ਰਿਕਟ ਟੂਰਨਾਮੈਂਟ ਜਗਾ ਰਾਮ ਤੀਰਥ ਵਿਖੇ

# ਸ਼ਾਨੋ-ਸ਼ੌਕਤ ਨਾਲ ਸ਼ੁਰੂ, ਮੁੱਖ ਮਹਿਮਾਨ ਵਜੋਂ ਪਹੁੰਚੇ ਨਵਜੋਤ ਸਿੰਘ ਗੁਣੀ







**ਤਲਵੰਡੀ ਸਾਬੋ, 2 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਪਿੰਡ ਜਗਾ ਰਾਮ ਤੀਰਥ ਵਿਖੇ 25ਵੇਂ ਕ੍ਰਿਕਟ ਟੂਰਨਾਮੈਂਟ ਦਾ ਆਗਾਜ਼ ਅੱਜ ਬੜੇ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਹੋਇਆ। ਇਹ ਕ੍ਰਿਕਟ ਟੂਰਨਾਮੈਂਟ ਪਿੰਡ ਦੇ ਖੇਡ ਸਟੇਡੀਅਮ ਵਿਖੇ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਵੱਖ-ਵੱਖ ਟੀਮਾਂ ਵੱਲੋਂ ਹਿੱਸਾ ਲੈ ਕੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਟੂਰਨਾਮੈਂਟ ਦੇ ਉਦਘਾਟਨੀ ਸਮਾਗਮ ਮੌਕੇ ਭਾਰਤੀ ਜਨਤਾ ਪਾਰਟੀ ਦੇ ਤਲਵੰਡੀ ਸਾਬੋ ਹਲਕਾ ਇੰਚਾਰਜ ਅਤੇ ਨੌਜਵਾਨ ਆਗੂ ਨਵਜੋਤ ਸਿੰਘ ਗੁਣੀ ਗਾਟਵਾਲੀ ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਵਜੋਂ ਪਹੁੰਚੇ। ਆਯੋਜਕ ਕਮੇਟੀ ਅਤੇ ਪਿੰਡ ਵਾਸੀਆਂ ਵੱਲੋਂ ਨਵਜੋਤ ਸਿੰਘ ਗੁਣੀ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਨਵਜੋਤ ਸਿੰਘ ਗੁਣੀ ਨੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਖੇਡਾਂ ਜਿੱਥੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਵਿੱਚ ਸਹਾਈ ਹੁੰਦੀਆਂ ਹਨ, ਉੱਥੇ ਹੀ ਉਨ੍ਹਾਂ ਅੰਦਰ ਅਨੁਸ਼ਾਸਨ, ਮਿਹਨਤ, ਸਹਿਯੋਗ ਅਤੇ ਟੀਮ ਭਾਵਨਾ ਦੀ ਭਾਵਨਾ ਵੀ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ। ਪਿੰਡ ਪੱਧਰ 'ਤੇ ਅਜਿਹੇ ਖੇਡ ਮੁਕਾਬਲੇ ਕਰਵਾਉਣ ਨਾਲ ਨੌਜਵਾਨਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦਾ ਮੌਕਾ ਮਿਲਦਾ ਹੈ ਅਤੇ ਖੇਡਾਂ ਪ੍ਰਤੀ ਉਨ੍ਹਾਂ ਦਾ ਉਤਸ਼ਾਹ ਹੋਰ ਵਧਦਾ ਹੈ। ਨਵਜੋਤ ਸਿੰਘ ਗੁਣੀ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੌਜਵਾਨਾਂ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਹਮੇਸ਼ਾ ਵਚਨਬੱਧ ਹੈ। ਉਨ੍ਹਾਂ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਅਤੇ ਆਪਣੀ ਪੂਰੀ ਮਿਹਨਤ ਨਾਲ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜਿੱਤ ਅਤੇ ਹਾਰ ਖੇਡ ਦਾ ਹਿੱਸਾ ਹਨ, ਪਰ ਮੈਦਾਨ ਵਿੱਚ ਪੂਰੀ ਇਮਾਨਦਾਰੀ ਅਤੇ ਅਨੁਸ਼ਾਸਨ ਨਾਲ ਖੇਡਣਾ ਹੀ ਇੱਕ ਖਿਡਾਰੀ ਦੀ ਅਸਲ ਪਛਾਣ ਹੈ। ਇਸ ਦੌਰਾਨ ਆਯੋਜਕ ਕਮੇਟੀ ਵੱਲੋਂ ਮੁੱਖ ਮਹਿਮਾਨ ਨਵਜੋਤ ਸਿੰਘ ਗੁਣੀ ਦਾ ਸਨਮਾਨ ਵੀ ਕੀਤਾ ਗਿਆ। ਸਮਾਗਮ ਦੌਰਾਨ ਖਿਡਾਰੀਆਂ, ਨੌਜਵਾਨਾਂ ਅਤੇ ਖੇਡ ਪ੍ਰੇਮੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਪਿੰਡ ਵਾਸੀਆਂ ਨੇ ਕਿਹਾ ਕਿ 25ਵਾਂ ਕ੍ਰਿਕਟ ਟੂਰਨਾਮੈਂਟ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਪਿੰਡ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਸ਼ਲਾਘਾਯੋਗ ਉਪਰਾਲਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਮਹਿਤਾ ਮੰਡੀ ਵਿਖੇ ਝੋਨੇ ਦੀ ਸਰਕਾਰੀ ਖਰੀਦ ਹੋਈ ਸ਼ੁਰੂ

# ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਫਸਲ ਦਾ ਇੱਕ-ਇੱਕ ਦਾਣਾ ਸਰਕਾਰੀ ਭਾਅ 'ਤੇ ਖਰੀਦਿਆ ਜਾਵੇਗਾ - ਕੈਬਨਿਟ ਮੰਤਰੀ ਈ.ਟੀ.ਓ.

**ਚੌਂਕ ਮਹਿਤਾ, 2 ਅਕਤੂਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਦਾਣਾ ਮੰਡੀ ਮਹਿਤਾ ਵਿਖੇ ਝੋਨੇ ਦੀ ਸਰਕਾਰੀ ਖਰੀਦ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਉਨ੍ਹਾਂ ਨਾਲ ਮਾਰਕਿਟ ਕਮੇਟੀ ਮਹਿਤਾ ਦੇ ਚੇਅਰਮੈਨ ਲਖਵਿੰਦਰ ਸਿੰਘ ਉਸਮਾਂ, ਮਹਿਤਾ ਮੰਡੀ ਦੇ ਪ੍ਰਧਾਨ ਸੁਖਦੇਵ ਸਿੰਘ, ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਹਰੀਵਾਲ ਤੋਂ ਇਲਾਵਾ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਅਤੇ ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਇੰਸ. ਪੁਸ਼ਪਿੰਦਰ ਸਿੰਘ, ਇੰਸ. ਪ੍ਰਭਜੋਤ ਸਿੰਘ, ਇੰਸ. ਜਗਜੀਤ ਸਿੰਘ, ਸੁਪਰਵਾਈਜਰ ਸਰਬਜੀਤ ਸਿੰਘ, ਸੈਕਟਰੀ ਅਮਰਪਾਲ ਸਿੰਘ ਵੀ ਹਾਜ਼ਰ ਸਨ। ਇਸ ਸਮੇਂ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਨਿਰਵਿਘਨ ਖਰੀਦ ਲਈ ਸੂਬੇ ਦੀਆਂ ਮੰਡੀਆਂ ਵਿੱਚ ਲੋੜੀਂਦੇ ਅਤੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਕਿਸਾਨਾਂ ਦੀ ਫਸਲ ਦਾ ਇੱਕ-ਇੱਕ ਦਾਣਾ ਸਰਕਾਰੀ ਭਾਅ 'ਤੇ ਖਰੀਦਿਆ ਜਾਵੇਗਾ ਅਤੇ ਕਿਸਾਨਾਂ ਨੂੰ ਫਸਲ ਦੀ ਅਦਾਇਗੀ ਸਮੇਂ ਸਿਰ ਤੇ ਨਿਰਵਿਘਨ ਢੰਗ ਨਾਲ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਕੈਬਨਿਟ ਮੰਤਰੀ ਈ.ਟੀ.ਓ. ਨੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਝੋਨੇ ਦੀ ਖਰੀਦ, ਤੋਲ ਅਤੇ ਲਿਫਟਿੰਗ ਦੀ ਪ੍ਰਕਿਰਿਆ ਨੂੰ ਤੇਜ਼ੀ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇ, ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਸਮੇਂ ਕਿਸੇ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਖਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਦੀ ਸਹੂਲਤ ਅਤੇ ਉਨ੍ਹਾਂ ਦੇ ਹਿੱਤਾਂ ਨੂੰ ਪਹਿਲ ਦਿੱਤੀ ਜਾਵੇ। ਉਨ੍ਹਾਂ ਅੱਗੇ ਦੱਸਿਆ ਕਿ ਮੰਡੀਆਂ ਵਿੱਚ ਫਸਲ ਦੀ ਅਨਲੋਡਿੰਗ ਅਤੇ ਪੈਕਿੰਗ ਦਾ ਕੰਮ ਕਰਨ ਵਾਲੇ ਮਜ਼ਦੂਰਾਂ ਲਈ ਸਾਫ਼ ਪੀਣ ਵਾਲੇ ਪਾਣੀ ਅਤੇ ਲੋੜੀਂਦੀਆਂ ਡਾਕਟਰੀ ਸਹੂਲਤਾਂ ਦੇ ਵੀ ਢੁੱਕਵੇਂ ਪ੍ਰਬੰਧ ਕੀਤੇ ਗਏ ਹਨ। ਇਸ ਤੋਂ ਇਲਾਵਾ ਮੰਡੀਆਂ ਵਿੱਚ ਕਿਸਾਨਾਂ ਲਈ ਵੀ ਬੁਨਿਆਦੀ ਸਹੂਲਤਾਂ ਯਕੀਨੀ ਬਣਾਈਆਂ ਗਈਆਂ ਹਨ। ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਸਬੰਧਤ ਵਿਭਾਗਾਂ ਅਤੇ ਖਰੀਦ ਏਜੰਸੀਆਂ ਨਾਲ ਲਗਾਤਾਰ ਤਾਲਮੇਲ ਰੱਖਿਆ ਜਾ ਰਿਹਾ ਹੈ। ਇਸ ਮੌਕੇ ਜਥੇਦਾਰ ਰਾਜਬੀਰ ਸਿੰਘ ਉਦੋਂ ਨੰਗਲ, ਸਾਬਕਾ ਪ੍ਰਧਾਨ ਜਤਿੰਦਰ ਸਿੰਘ ਲੱਧਾ ਮੁੰਡਾ, ਸਾਬਕਾ ਪ੍ਰਧਾਨ ਬਰਜਿੰਦਰ ਸਿੰਘ ਦਬੁਰਜੀ, ਪ੍ਰਧਾਨ ਦਵਿੰਦਰ ਸਿੰਘ ਮੱਲ੍ਹੀ, ਕੇਵਲ ਕ੍ਰਿਸ਼ਨ, ਬਲਾਕ ਪ੍ਰਧਾਨ ਅਜੈ ਗਾਂਧੀ ਸਰਪੰਚ ਮਹਿਤਾ, ਜੱਥੇ. ਗੁਰਵੇਲ ਸਿੰਘ ਡੇਹਰੀਵਾਲ, ਸਾਬਕਾ ਸਰਪੰਚ ਰਜਿੰਦਰ ਸਿੰਘ ਉਦੋਂ ਨੰਗਲ, ਸਰਪੰਚ ਅਰਮਿੰਦਰਬੀਰ ਸਿੰਘ, ਮਾਸਟਰ ਦਿਲਬਾਗ. ਸਿੰਘ, ਕੁਲਤਾਰ ਸਿੰਘ, ਸਰਪੰਚ ਮਨਜੀਤ ਸਿੰਘ, ਹਰਪਾਲ ਸਿੰਘ ਜੱਜ, ਗੁਰਮੁੱਖ ਸਿੰਘ ਸਾਬਾ, ਪਵਨ ਕੁਮਾਰ, ਕੁਲਵੰਤ ਸਿੰਘ, ਕੁਲਦੀਪ ਸਿੰਘ, ਮੁਖਤਾਰ ਸਿੰਘ, ਮਹਿਤਾਬ ਸਿੰਘ, ਜਸਬੀਰ ਸਿੰਘ, ਬਿੱਕਾ ਆੜਤੀਆ, ਰਜਿੰਦਰ ਸਿੰਘ ਟੀਟੂ ਸ਼ਾਹ, ਰਾਜੀਵ ਗੋਲਡੀ, ਸਰਪੰਚ ਰਣਜੀਤ ਸਿੰਘ ਮਹਿਤਾ, ਸਰਪੰਚ ਗੁਰਵੇਲ ਸਿੰਘ ਜਲਾਲ, ਸਰਪੰਚ ਪ੍ਰਗਟ ਸਿੰਘ, ਸਰਪੰਚ ਸੋਨੀ, ਸਰਪੰਚ ਨਿਸ਼ਾਨ ਸਿੰਘ, ਸਰਪੰਚ ਇੰਦਰਜੀਤ ਸਿੰਘ, ਸਰਪੰਚ ਗੁਰਪ੍ਰੀਤ ਸਿੰਘ, ਸਾਬਕਾ ਸਰਪੰਚ ਰਾਕੇਸ਼ ਕੇਸਾਂ, ਮਾ. ਹਰਵਿੰਦਰ ਸਿੰਘ, ਸਰਪੰਚ ਬਲਵਿੰਦਰ ਸਿੰਘ ਰਜਧਾਨ, ਸਰਪੰਚ ਬਲਜੀਤ ਸਿੰਘ, ਜਸਕਰਨ ਸਿੰਘ ਸੰਧੂ ਆਦਿ ਵੱਡੀ ਗਿਣਤੀ ਵਿੱਚ ਆਪ ਆਗੂ ਤੇ ਆੜਤੀਏ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

## ਸਰਕਾਰ ਦੇ ਕਾਰੇ ਅਜੀਬੋ-ਗਰੀਬ ਇਮਾਨਦਾਰ ਫੂਡ ਸੇਫਟੀ ਅਫ਼ਸਰ 'ਤੇ ਡਿੱਗੀ ਵਿਭਾਗੀ ਗਾਜ, ਸ਼ਹਿਰ ਵਾਸੀਆਂ ਤੇ ਸੀਨੀਅਰ ਸਿਟੀਜ਼ਨਾਂ 'ਚ ਭਾਰੀ ਰੋਸ

# ਮਿਲਾਵਟਖੋਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਵਾਲੇ ਅਫ਼ਸਰ ਅਭਿਨਵ ਖੋਸਲਾ ਨੂੰ ਮੁਅੱਤਲ ਕਰਨ ਦੇ ਫੈਸਲੇ ਨੂੰ ਸੀਨੀਅਰ ਸਿਟੀਜ਼ਨ ਕੌਂਸਲ ਨੇ ਦੱਸਿਆ ਸ਼ਰਮਨਾਕ

**ਫ਼ਿਰੋਜ਼ਪੁਰ, 02 ਅਕਤੂਬਰ (ਮਨੋਹਰ ਲਾਲ) :**— ਦਹਾਕਿਆਂ ਤੋਂ ਫ਼ਿਰੋਜ਼ਪੁਰ ਵਾਸੀਆਂ ਨੂੰ ਗੰਦਾ ਅਤੇ ਮਿਲਾਵਟੀ ਖਾਣਾ ਪਰੋਸਣ ਵਾਲਿਆਂ ਵਿਚ ਤਰਥਲੀ ਮਚਾਉਣ ਵਾਲੇ ਇਮਾਨਦਾਰ ਫੂਡ ਸੇਫਟੀ ਅਫਸਰ ਅਭਿਨਵ ਖੋਸਲਾ ਦੀ ਇਮਾਨਦਾਰੀ ਇਸ ਤੋਂ ਵੱਧ ਕੀ ਹੋਵੇਗੀ ਕਿ ਫ਼ਿਰੋਜ਼ਪੁਰ ਦੇ ਨਾਲ—ਨਾਲ ਮੋਗਾ, ਬਠਿੰਡਾ ਅਤੇ ਗੰਗਾਨਗਰ ਤੋਂ ਆਏ ਮਿਲਾਵਟਰਖੋਰਾਂ ਅੱਗੇ ਨਾ ਝੁਕ ਕੇ ਉਨ੍ਹਾਂ ਨੇ ਲੋਕਾਂ ਦੇ ਹਿੱਤ ਵਿਚ ਫੈਸਲਾ ਲਿਆ, ਪਰ ਇਹ ਨਿਰਣਾ ਕਈਆਂ ਨੂੰ ਮਨਜ਼ੂਰ ਨਹੀਂ ਸੀ ਅਤੇ ਅਖੀਰ ਹੋਇਆ ਉਹੀ ਕਿ ਇਮਾਨਦਾਰ ਤੇ ਲੋਕ ਹਿੱਤ ਵਿਚ ਫੈਸਲੇ ਕਰਨ ਵਾਲੇ ਅਧਿਕਾਰੀ ਨੂੰ ਕੀਤਾ ਗਿਆ ਸਸਪੈਂਡ ਤੇ ਬਦਲਿਆ ਗਿਆ। ਜੀ ਹਾਂ ਫ਼ਿਰੋਜ਼ਪੁਰ ਵਿਚ ਕੁਝ ਹੀ ਮਹੀਨਿਆਂ ਵਿਚ ਜਿਥੇ ਖਾਣਯੋਗ ਵਸਤਾਂ ਵੇਚਣ ਵਾਲਿਆਂ ਨੇ ਸਾਫ—ਸਫਾਈ ਦਾ ਖਾਸ ਧਿਆਨ ਰੱਖਣਾ ਸ਼ੁਰੂ ਕਰ ਦਿੱਤਾ ਸੀ, ਉਥੇ ਉਚ ਕਵਾਲਟੀ ਦੀਆਂ ਵਸਤਾਂ ਨੇ ਦੁਕਾਨਾਂ ਉਪਰ ਦਸਤਕ ਦੇ ਦਿੱਤੀ ਸੀ, ਪਰ ਹੁਣ ਅਭਿਨਵ ਖੋਸਲਾ ਉਪਰ ਡਿੱਗੀ ਗਾਜ ਸਿਰਫ ਉਸ ਪਰ ਨਹੀਂ ਡਿੱਗੀ, ਇਹ ਫ਼ਿਰੋਜ਼ਪੁਰ ਵਾਸੀਆਂ ਦੀ ਸਿਹਤ ਉਪਰ ਵੀ ਡਿੱਗੀ ਹੈ। ਇਹ ਵਿਚਾਰ ਸਾਂਝੇ ਕਰਦਿਆਂ ਸੀਨੀਅਰ ਸਿਟੀਜਨ ਕੌਂਸਲ ਫ਼ਿਰੋਜ਼ਪੁਰ ਦੇ ਆਗੂਆਂ ਨੇ ਕਿਹਾ ਕਿ ਅਭਿਨਵ ਖੋਸਲਾ ਵਰਗੇ ਅਫਸਰ ਹਰ ਜ਼ਿਲ੍ਹੇ ਵਿਚ ਹੋਣੇ ਚਾਹੀਦੇ ਹਨ ਤਾਂ ਜੋ ਖਾਣੇ ਵਿਚ ਬਿਮਾਰੀਆਂ ਸਹੇੜ ਰਹੇ ਲੋਕਾਂ ਨੂੰ ਰਾਹਤ ਮਿਲ ਸਕੇ। ਸੀਨੀਅਰ ਸਿਟੀਜਨ ਆਗੂਆਂ ਨੇ ਕਿਹਾ ਕਿ ਫ਼ਿਰੋਜ਼ਪੁਰ ਵਿਖੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲੇ ਮਿਲਾਵਟਖੋਰਾਂ ਖ਼ਿਲਾਫ਼ ਦਿਨ—ਰਾਤ ਮੁਹਿੰਮ ਚਲਾ ਰਹੇ ਇੱਕ ਇਮਾਨਦਾਰ ਅਧਿਕਾਰੀ ਨੂੰ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਸਨਮਾਨ ਦੇਣ ਦੀ ਬਜਾਏ ਮੁਅੱਤਲੀ (ਸਸਪੈਂਸ਼ਨ) ਦਾ ਤੋਹਫ਼ਾ ਦਿੱਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਜ਼ਿਲ੍ਹਾ ਫੂਡ ਸੇਫ਼ਟੀ ਅਫ਼ਸਰ ਅਭਿਨਵ ਖੋਸਲਾ ਨੂੰ ਅਚਾਨਕ ਬਿਨਾਂ ਕੋਈ ਠੋਸ ਕਾਰਨ ਦੱਸੇ ਮੁਅੱਤਲ ਕਰਕੇ ਘਰ ਭੇਜ ਦਿੱਤੇ ਜਾਣ ਕਾਰਨ ਸ਼ਹਿਰ ਵਾਸੀਆਂ, ਪੱਤਰਕਾਰਾਂ ਅਤੇ ਸੀਨੀਅਰ ਸਿਟੀਜ਼ਨਾਂ ਵਿੱਚ ਤਿੱਖਾ ਰੋਸ ਪਾਇਆ ਜਾ ਰਿਹਾ ਹੈ। ਇਸ ਮਾਮਲੇ 'ਤੇ ਗੰਭੀਰ ਚਿੰਤਾ ਪ੍ਰਗਟ ਕਰਦਿਆਂ ਸੀਨੀਅਰ ਸਿਟੀਜ਼ਨ ਕੌਂਸਲ ਫ਼ਿਰੋਜ਼ਪੁਰ ਦੇ ਪ੍ਰਧਾਨ ਸ੍ਰੀ ਪੀ.ਡੀ. ਸ਼ਰਮਾ ਨੇ ਕਿਹਾ ਕਿ ਲੰਬੇ ਸਮੇਂ ਬਾਅਦ ਇਲਾਕੇ ਨੂੰ ਅਜਿਹਾ ਅਧਿਕਾਰੀ ਮਿਲਿਆ ਸੀ, ਜਿਸ ਨੇ ਬਿਨਾਂ ਕਿਸੇ ਰਿਸ਼ਵਤਖ਼ੋਰੀ, ਦੇਰੀ ਜਾਂ ਸਿਆਸੀ ਸਿਫ਼ਾਰਿਸ਼ ਦੇ ਲੋਕ ਹਿੱਤ ਵਿੱਚ ਨਿਡਰ ਹੋ ਕੇ ਕੰਮ ਸ਼ੁਰੂ ਕੀਤਾ ਸੀ, ਪ੍ਰੰਤੂ ਅਫ਼ਸੋਸ ਦੀ ਗੱਲ ਹੈ ਕਿ ਸਿਸਟਮ ਅਤੇ ਵਿਭਾਗ ਨੂੰ ਇੱਕ ਇਮਾਨਦਾਰ ਅਫ਼ਸਰ ਦੀ ਇਹ ਨੇਕ—ਨੀਅਤੀ ਹਜ਼ਮ ਨਹੀਂ ਹੋਈ। ਸ੍ਰੀ ਸ਼ਰਮਾ ਨੇ ਕਿਹਾ ਕਿ ਪੱਤਰਕਾਰਾਂ ਦੀ ਫੂਡ ਸੇਫ਼ਟੀ ਕਮਿਸ਼ਨਰ ਪੰਜਾਬ ਨਾਲ ਹੋਈ ਗੱਲਬਾਤ ਤੋਂ ਸਪੱਸ਼ਟ ਹੁੰਦਾ ਹੈ ਕਿ ਅਧਿਕਾਰੀ ਵੱਲੋਂ ਬੱਚਿਆਂ ਅਤੇ ਬਜ਼ੁਰਗਾਂ ਦੀ ਸਿਹਤ ਨੂੰ ਨੁਕਸਾਨ ਪਹੁੰਚਾਉਣ ਵਾਲੇ ਘਟੀਆ ਤੇ ਮਿਲਾਵਟੀ ਖਾਣ—ਪੀਣ ਵਾਲੇ ਸਾਮਾਨ ਦੇ ਸੈਂਪਲ ਭਰਨ ਅਤੇ ਮਾਫ਼ੀਆ ਨੂੰ ਨੱਥ ਪਾਉਣ ਕਾਰਨ ਹੀ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ, ਜੋ ਬੇਹੱਦ ਸ਼ਰਮਨਾਕ ਹੈ। ਉਨ੍ਹਾਂ ਕਿਹਾ ਕਿ ਜੇਕਰ ਅਭਿਨਵ ਖੋਸਲਾ ਚਾਹੁੰਦੇ ਤਾਂ ਰਵਾਇਤੀ ਅਫ਼ਸਰਾਂ ਵਾਂਗ ਲੱਖਾਂ ➡ਪਏ ਕਮਾ ਸਕਦੇ ਸਨ, ਪਰ ਉਨ੍ਹਾਂ ਨੇ ਇਮਾਨਦਾਰੀ ਦਾ ਕੰਡਿਆਂ ਭਰਿਆ ਰਾਹ ਚੁਣਿਆ। ਮੌਜੂਦਾ ਦੌਰ ਵਿੱਚ ਇਮਾਨਦਾਰੀ ਨਾਲ ਕੰਮ ਕਰਨਾ ਜਾਨ ਜੋਖ਼ਮ ਵਿੱਚ ਪਾਉਣ ਬਰਾਬਰ ਬਣ ਗਿਆ ਹੈ ਤੇ ਅਧਿਕਾਰੀ ਨੂੰ ਮਿਲੀ ਇਹ ਸਸਪੈਂਸ਼ਨ ਇਸੇ ਕੁੜੱਤਣ ਦਾ ਪ੍ਰਤੀਕ ਹੈ। ਸੀਨੀਅਰ ਸਿਟੀਜ਼ਨ ਕੌਂਸਲ ਅਤੇ ਸ਼ਹਿਰ ਦੇ ਪਤਵੰਤਿਆਂ ਨੇ ਪੰਜਾਬ ਸਰਕਾਰ ਅਤੇ ਸਬੰਧਤ ਉੱਚ ਅਧਿਕਾਰੀਆਂ ਤੋਂ ਪੁਰਜ਼ੋਰ ਮੰਗ ਕੀਤੀ ਕਿ ਲੋਕ ਹਿੱਤਾਂ ਦੀ ਰਾਖੀ ਕਰਨ ਵਾਲੇ ਅਫ਼ਸਰ ਖ਼ਿਲਾਫ਼ ਕੀਤੀ ਗਈ ਇਹ ਬੇਇਨਸਾਫ਼ੀ ਤੁਰੰਤ ਰੱਦ ਕੀਤੀ ਜਾਵੇ ਅਤੇ ਅਭਿਨਵ ਖੋਸਲਾ ਨੂੰ ਪੂਰੇ ਮਾਣ ਸਤਿਕਾਰ ਨਾਲ ਬਹਾਲ ਕੀਤਾ ਜਾਵੇ।



ਆਵਾਜ਼ਿ ਕੌਮ AWAZE QAUM International Newspaper & WEB TV

# ਅਨਿਲ ਮਹਿਰਾ ਸਮੇਤ ਲੈਬੋਰਟਰੀ ਐਸੋਸੀਏਸ਼ਨ ਦੇ ਆਗੂ ਹੋਏ ਇਕੱਠੇ, ਮੰਗਾਂ ਤੇ ਸੰਘਰਸ਼ 'ਤੇ ਹੋਇਆ ਮੰਥਨ




**ਫ਼ਿਰੋਜ਼ਪੁਰ, 02 ਅਕਤੂਬਰ (ਮਨੋਹਰ ਲਾਲ) :**— ਜੈ ਮਲਾਪ ਲੈਬੋਰਟਰੀ ਐਸੋਸੀਏਸ਼ਨ ਜ਼ਿਲ੍ਹਾ ਫਿਰੋਜ਼ਪੁਰ ਦੀ ਇੱਕ ਅਹਿਮ ਮੀਟਿੰਗ ਨਾਯਾਬ ਹੋਟਲ ਵਿਖੇ ਕਰਵਾਈ ਗਈ, ਜਿਸ ਵਿੱਚ ਸਟੇਟ ਪ੍ਰਧਾਨ ਜਗਦੀਪ ਭਾਰਦਵਾਜ, ਸਟੇਟ ਸਕੱਤਰ ਰਾਜਨ ਬੈਕਟਰ ਅਤੇ ਸਟੇਟ ਕੈਸ਼ੀਅਰ ਸੁਰਜੀਤ ਸਿੰਘ ਚੰਦੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਦੌਰਾਨ ਐਸੋਸੀਏਸ਼ਨ ਨੂੰ ਦਰਪੇਸ਼ ਸਮੱਸਿਆਵਾਂ, ਹੱਕੀ ਮੰਗਾਂ ਅਤੇ ਆਉਣ ਵਾਲੇ ਸੰਘਰਸ਼ ਦੀ ਰਣਨੀਤੀ ਸਬੰਧੀ ਵਿਚਾਰ—ਵਟਾਂਦਰਾ ਕੀਤਾ ਗਿਆ। ਬਲਾਕ ਸਿਟੀ ਦੇ ਪ੍ਰਧਾਨ ਅਨਿਲ ਮਹਿਰਾ ਨੇ ਮੀਟਿੰਗ ਦੌਰਾਨ ਐਸੋਸੀਏਸ਼ਨ ਨਾਲ ਸਬੰਧਤ ਵੱਖ—ਵੱਖ ਮੁੱਦਿਆਂ 'ਤੇ ਵਿਚਾਰ ਰੱਖੇ। ਸਟੇਟ ਸਕੱਤਰ ਰਾਜਨ ਬੈਕਟਰ ਨੇ ਪੰਜਾਬ ਭਰ ਵਿੱਚ ਚੱਲ ਰਹੀਆਂ ਜ਼ਿਲ੍ਹਾ ਪੱਧਰੀ ਮੀਟਿੰਗਾਂ ਅਤੇ ਸੰਘਰਸ਼ ਸਬੰਧੀ ਜਾਣਕਾਰੀ ਦਿੱਤੀ। ਸਟੇਟ ਪ੍ਰਧਾਨ ਜਗਦੀਪ ਭਾਰਦਵਾਜ ਨੇ ਸੰਘਰਸ਼ ਦੀ ਮੌਜੂਦਾ ਸਥਿਤੀ ਅਤੇ ਆਉਣ ਵਾਲੀ ਰੂਪ ਰੇਖਾ ਬਾਰੇ ਦੱਸਿਆ, ਜਦਕਿ ਸਟੇਟ ਕੈਸ਼ੀਅਰ ਸੁਰਜੀਤ ਸਿੰਘ ਚੰਦੀ ਨੇ ਪੰਜਾਬ ਪੱਧਰ 'ਤੇ ਫੰਡ ਦੀ ਸਥਿਤੀ ਬਾਰੇ ਜਾਣਕਾਰੀ ਸਾਂਝੀ ਕੀਤੀ। ਜ਼ਿਲ੍ਹਾ ਪ੍ਰਧਾਨ ਬਰਜਿੰਦਰ ਸਿੰਘ ਖਾਲਸਾ, ਜ਼ਿਲ੍ਹਾ ਸਕੱਤਰ ਹਰਜਿੰਦਰ ਸ਼ਰਮਾ ਅਤੇ ਜ਼ਿਲ੍ਹਾ ਕੈਸ਼ੀਅਰ ਪਵਨ ਮਦਾਨ ਨੇ ਸਟੇਟ ਟੀਮ ਨੂੰ ਭਰੋਸਾ ਦਿਵਾਇਆ ਕਿ ਆਉਣ ਵਾਲੇ ਸੰਘਰਸ਼ ਵਿੱਚ ਫਿਰੋਜ਼ਪੁਰ ਦੇ ਮੈਂਬਰ ਪੂਰੀ ਮਜ਼ਬੂਤੀ ਨਾਲ ਸਹਿਯੋਗ ਕਰਨਗੇ। ਮੀਟਿੰਗ ਵਿੱਚ ਮੈਂਬਰ ਐਡਵਾਈਜ਼ਰ ਕੌਂਸਲ ਗੁਰਚਰਨ ਸ਼ਰਮਾ, ਬਲਾਕ ਕੈਂਟ ਦੇ ਪ੍ਰਧਾਨ ਜੀਵਨ ਜੋਤੀ ਦੀ ਟੀਮ, ਬਲਾਕ ਸਿਟੀ ਦੇ ਪ੍ਰਧਾਨ ਅਨਿਲ ਮਹਿਰਾ ਦੀ ਟੀਮ, ਬਲਾਕ ਤਲਵੰਡੀ ਭਾਈ ਦੇ ਪ੍ਰਧਾਨ ਗਗਨ ਖੁੰਗਰ, ਬਲਾਕ ਜ਼ੀਰਾ ਦੇ ਪ੍ਰਧਾਨ ਗੁਰਚਰਨ ਸ਼ਰਮਾ ਦੀ ਟੀਮ, ਬਲਾਕ ਮੱਖੂ ਦੇ ਪ੍ਰਧਾਨ ਕਰਨਜੀਤ ਸਿੰਘ ਭੁੱਲਰ ਦੀ ਟੀਮ, ਬਲਾਕ ਗੁਰੂਹਰਸਹਾਏ ਦੇ ਪ੍ਰਧਾਨ ਗੁਰਪਿਆਰ ਸਿੰਘ ਦੀ ਟੀਮ, ਬਲਾਕ ਮੱਲਾਂਵਾਲਾ ਦੇ ਪ੍ਰਧਾਨ ਕੁਲਦੀਪ ਕੁਮਾਰ ਮੌਂਗਾ ਦੀ ਟੀਮ ਅਤੇ ਬਲਾਕ ਮਮਦੋਟ ਦੇ ਪ੍ਰਧਾਨ ਸੁਰਿੰਦਰ ਸਿੰਘ ਦੀ ਟੀਮ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ। ਇਸ ਤੋਂ ਇਲਾਵਾ ਵੈਲਫੇਅਰ ਚੇਅਰਮੈਨ ਜਸਬੀਰ ਸਿੰਘ ਗਿੱਲ, ਆਡਿਟ ਚੇਅਰਮੈਨ ਸੰਜੀਵ ਅਰੋੜਾ ਅਤੇ ਜ਼ਿਲ੍ਹਾ ਤੇ ਬਲਾਕ ਕੋਰ ਕਮੇਟੀਆਂ ਦੇ ਮੈਂਬਰ ਵੀ ਮੌਜੂਦ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਡਾ. ਗੁਰਮੀਤ ਸਿੰਘ ਖੁੱਡੀਆਂ, ਕੈਬਨਿਟ ਮੰਤਰੀ ਖੇਤੀਬਾੜੀ ਵੱਲੋਂ

# ਨੈਸ਼ਨਲ ਹਾਕੀ ਚੈਂਪੀਅਨਸ਼ਿਪ ਦੇ ਦੂਸਰੇ ਦਿਨ ਦਾ ਉਦਘਾਟਨ



**ਚੌਕ ਮਹਿਤਾ, 2 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਦੂਸਰੇ ਦਿਨ ਅੰਡਰ 17 ਦੀਆਂ ਦੋ ਟੀਮਾਂ ਸਤਚਿੜਨਾਦਾ ਜੋਥੀ ਨਿਕੇਤਨ ਇੰਟਰਨੈਸ਼ਨਲ ਸਕੂਲ ਤਮਿਲਨਾਡੂ ਅਤੇ ਸ੍ਰੀ ਠਾਕੁਰ ਦੁਆਰਾ ਬਾਲਿਕਾ ਵਿੱਦਿਆ ਮੰਦਰ ਗਾਜੀਆਬਾਦ ਵਿਚਕਾਰ ਮੁਕਾਬਲਾ ਹੋਇਆ। ਦੂਸਰੇ ਦਿਨ ਖੇਡਣ ਵਾਲੀਆਂ ਟੀਮਾਂ ਨੂੰ ਆਸ਼ੀਰਵਾਦ ਦੇਣ ਵਾਸਤੇ ਸਕੂਲ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਸਰਦਾਰ ਗੁਰਮੀਤ ਸਿੰਘ ਖੁੱਡੀਆਂ ਕੈਬਨਿਟ ਮੰਤਰੀ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਪੰਜਾਬ ਖਾਸ ਤੌਰ ਤੇ ਪਹੁੰਚੇ ਅਤੇ ਬੱਚਿਆਂ ਦਾ ਮੈਚ ਸ਼ੁਰੂ ਕਰਵਾਇਆ। ਇਹਨਾਂ ਦੇ ਨਾਲ ਡਾਕਟਰ ਨਛੱਤਰ ਐਮਐਲਏ ਨਵਾਂ ਸ਼ਹਿਰ , ਸਰਦਾਰ ਅਮਰਜੀਤ ਸਿੰਘ ਜੀ ਮੁੱਖ ਖੇਤੀਬਾੜੀ ਅਫਸਰ ਵੀ ਖਾਸ ਤੌਰ ਤੇ ਸਕੂਲ ਪੁੱਜੇ ਅਤੇ ਬੱਚਿਆਂ ਨੂੰ ਮੁਬਾਰਕਬਾਦ ਦਿੱਤੀ। ਇਹਨਾਂ ਦੇ ਨਾਲ ਸਰਦਾਰ ਬਲਦੇਵ ਸਿੰਘ ਜੀ ਬਾਜਵਾ ਐਸਸੀ ਪੰਜਾਬ ਮੰਡੀ ਬੋਰਡ ਸਰਦਾਰ ਹਰਭਜਨ ਸਿੰਘ ਜੀ ਡਾਕਟਰ ਜਸਪ੍ਰੀਤ ਸਿੰਘ ਜੀ ਵੈਟਰਨਰੀ ਡਾਕਟਰ ਗੁਰਦਾਸਪੁਰ , ਸਰਦਾਰ ਜਸਪ੍ਰੀਤ ਸਿੰਘ ਜੀ ਐਸਡੀਓ ਪੰਜਾਬ ਮੰਡੀ ਬੋਰਡ, ਡਾਕਟਰ ਸੰਦੀਪ ਸਿੰਘ ਜੀ , ਡਾਕਟਰ ਬਾਬਾ ਬਕਾਲਾ ਸਾਹਿਬ ਸਰਦਾਰ ਬਲਵਿੰਦਰ ਸਿੰਘ ਜੀ , ਸਰਦਾਰ ਰਸ਼ਪਾਲ ਸਿੰਘ ਜੀ ਸਰਦਾਰ ਪ੍ਰਭਜੋਤ ਸਿੰਘ ਜੀ ਸਰਦਾਰ ਹਰਮੀਤ ਸਿੰਘ ਜੀ ਡਾਕਟਰ ਦੀਪ ਕਮਲ ਖਾਸ ਤੌਰ ਤੇ ਅਕੈਡਮੀ ਪੁੱਜੇ।

ਮੈਚ ਦੇ ਦੌਰਾਨ ਲੜਕੀਆਂ ਨੂੰ ਸਨਮਾਨਿਤ ਕਰਨ ਵਾਸਤੇ ਖਾਸ ਤੌਰ ਤੇ ਮੈਡਮ ਅਲੀਸ਼ਾ ਮਦੋਕ ਜੀ ਗਰੇਟ ਐਜੂਕੇਟਰ ਵੀ ਖਾਲਸਾ ਅਕੈਡਮੀ ਪੁੱਜੇ ਅਤੇ ਖੇਡ ਰਹੀਆਂ ਟੀਮਾਂ ਦੀਆਂ ਲੜੀਕੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਉਹਨਾਂ ਨੂੰ ਜੇਤੂ ਟੀਮਾਂ ਨੂੰ ਸਨਮਾਨਿਤ ਕੀਤਾ। ਉਨ੍ਹਾਂ ਨੇ ਵੱਖ-ਵੱਖ ਰਾਜਾਂ ਤੋਂ ਆਪਣੇ ਖਿਡਾਰੀਆਂ ਨੂੰ ਲੈ ਕੇ ਪਹੁੰਚੇ ਕੋਚ ਸਾਹਿਬਾਨ ਅਤੇ ਸਕੂਲ ਪ੍ਰਬੰਧਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਖਿਡਾਰੀਆਂ ਨੂੰ ਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਗਿਆਨੀ ਸਾਹਿਬ ਸਿੰਘ ਦਮਦਮੀ ਟਕਸਾਲ ,ਸਕੂਲ ਦੇ ਡਾਇਰੈਕਟਰ-ਕਮ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਪ੍ਰਿੰਸੀਪਲ ਸ. ਗੁਰਦੀਪ ਸਿੰਘ ਰੰਧਾਵਾ ਜਲਾਲ, ਸ. ਹਰਸ਼ਦੀਪ ਸਿੰਘ, ਰੰਧਾਵਾ ਪ੍ਰਿੰਸੀਪਲ ਦਸ਼ਮੇਸ਼ ਪਬਲਿਕ ਸਕੂਲ, ਸਰਦਾਰ ਅਵਤਾਰ ਸਿੰਘ ਬੁੱਟਰ, ਕੋਚ ਸ. ਬਲਜਿੰਦਰ ਸਿੰਘ, ਕੋਚ ਸ. ਮਨਮੀਤ ਸਿੰਘ ਅਤੇ ਹੋਰ ਅਧਿਆਪਕ ਸਾਹਿਬਾਨ ਹਾਜ਼ਰ ਰਹੇ।ਉਨ੍ਹਾਂ ਨੇ ਖਿਡਾਰੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ ਅਤੇ ਜੇਤੂ ਟੀਮ ਨੂੰ ਮੁਬਾਰਕਬਾਦ ਦਿੰਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਪਹਿਲੇ ਦਿਨ ਦੇ ਮੁਕਾਬਲਿਆਂ ਨੇ ਖੇਡ ਪ੍ਰੇਮੀਆਂ ਅਤੇ ਖਿਡਾਰੀਆਂ ਵਿੱਚ ਨਵਾਂ ਉਤਸ਼ਾਹ ਪੈਦਾ ਕੀਤਾ ਅਤੇ ਖਾਲਸਾ ਅਕੈਡਮੀ ਦਾ ਖੇਡ ਮੈਦਾਨ ਹਾਕੀ ਦੇ ਜੋਸ਼ ਨਾਲ ਗੂੰਜਦਾ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

### ਸੀਵਰੇਜ ਓਵਰਫਲੋ ਤੋਂ ਪ੍ਰਭਾਵਿਤ ਵਾਰਡ ਨੰ:14 ਦਾ ਸਿੱਧੂ ਨੇ ਕੀਤਾ ਨਿਰੀਖਣ

# ਹੱਲ ਲਈ ਅਧਿਕਾਰੀਆਂ ਨਾਲ ਕੀਤੀ ਗੱਲ

ਤਲਵੰਡੀ ਸਾਬੋ/ਮੌੜ ਮੰਡੀ, 02 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਸੀਵਰੇਜ ਦੇ ਓਵਰਫਲੋ ਕਾਰਣ ਨਰਕਮਈ ਹਾਲਾਤਾਂ ਦਾ ਸਾਹਮਣਾ ਕਰ ਰਹੇ ਮੌੜ ਮੰਡੀ ਦੇ ਵਾਰਡ ਨੰ:14 'ਚ ਪਹੁੰਚ ਕੇ ਹਲਕਾ ਮੌੜ ਚ ਕਾਂਗਰਸ ਦੀ ਨੁਮਾਇੰਦਗੀ ਕਰ ਰਹੇ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਨਿਰੀਖਣ ਕਰਦਿਆਂ ਮੌਕੇ ਤੇ ਹੀ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਸੰਪਰਕ ਕਰਦਿਆਂ ਮਸਲੇ ਦੇ ਹੱਲ ਦੀ ਮੰਗ ਕੀਤੀ। ਸਾਬਕਾ ਵਿਧਾਇਕ ਸਿੱਧੂ ਨੇ ਵਾਰਡ ਦੇ ਸਾਰੇ ਉਨਾਂ ਇਲਾਕਿਆਂ ਦਾ ਜਾਇਜ਼ਾ ਲਿਆ ਜੋ ਸੀਵਰੇਜ ਓਵਰਫਲੋ ਕਾਰਣ ਗੰਦੇ ਪਾਣੀ ਦੀ ਮਾਰ ਝੱਲ ਰਹੇ ਹਨ ।ਲੋਕਾਂ ਨੇ ਸਾਬਕਾ ਵਿਧਾਇਕ ਨੂੰ ਦੱਸਿਆ ਕਿ ਉਨਾਂ ਦੀ ਕੋਈ ਅਧਿਕਾਰੀ ਜਾਂ ਸਰਕਾਰ ਦਾ ਨੁਮਾਇੰਦਾ ਸਾਰ ਨਹੀ ਲੈ ਰਿਹਾ ਤੇ ਉਹ ਬਦਬੂ ਭਰੇ ਵਾਤਾਵਰਨ ਚ ਸਾਹ ਲੈਣ ਲਈ ਮਜ਼ਬੂਰ ਹਨ ਉੱਤੋਂ ਬਿਮਾਰੀਆਂ ਫੈਲਣ ਦਾ ਖਦਸ਼ਾ ਬਣਿਆ ਹੋਇਆ ਹੈ ਸਿੱਧੂ ਨੇ ਇਸ ਮੌਕੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਸੰਪਰਕ ਸਾਧ ਕੇ ਮਸਲੇ ਦੇ ਹੱਲ ਲਈ ਕਿਹਾ ਹੈ ।ਉਨਾਂ ਉਮੀਦ ਪ੍ਰਗਟਾਈ ਕਿ ਜਲਦ ਇਸਦਾ ਹੱਲ ਹੋ ਜਾਵੇਗਾ ।ਗੱਲਬਾਤ ਦੌਰਾਨ ਸਿੱਧੂ ਨੇ ਕਿਹਾ ਕਿ ਮੌਜੂਦਾ 'ਆਪ' ਸਰਕਾਰ ਦੇ ਨੁਮਾਇੰਦੇ ਨੇ ਪਿਛਲੇ ਸਮੇਂ ਚ ਕਦੇ ਆ ਕੇ ਮੌੜ ਮੰਡੀ ਵਾਸੀਆਂ ਨੂੰ ਦਰਪੇਸ਼ ਮੁਸ਼ਿਕਲਾਂ ਦੀ ਸਾਰ ਲੈਣੀ ਜ਼ਰੂਰੀ ਨਹੀ ਸਮਝੀ ਹੱਲ ਕਰਵਾਉਣਾ ਤਾਂ ਦੂਰ ਦੀ ਗੱਲ ।ਉਨਾਂ ਕਿਹਾ ਕਿ ਹੁਣ ਥੋੜਾ ਸਮਾਂ ਹੀ ਰਹਿ ਗਿਆ ਹੈ ਲੋਕ 2027 ਚੋਣਾਂ ਵੇਲੇ 'ਆਪ' ਉਮੀਦਵਾਰਾਂ ਤੋਂ ਹਰ ਸਵਾਲ ਦਾ ਜਵਾਬ ਮੰਗਣਗੇ ।ਉਨਾਂ ਕਿਹਾ ਕਿ ਕਾਂਗਰਸ ਸਰਕਾਰ ਬਨਣ ਤੇ ਸ਼ਹਿਰ ਦੇ ਸੀਵਰੇਜ ਲਈ ਵਿਸ਼ੇਸ ਪੈਕੇਜ ਦਾ ਪ੍ਰਬੰਧ ਕਰਵਾਇਆ ਜਾਵੇਗਾ। ਸਿੱਧੂ ਨਾਲ ਇਸ ਮੌਕੇ ਵਾਰਡ ਦੇ ਕਾਂਗਰਸੀ ਕੌਂਸਲਰ ਲਖਵੀਰ ਸਿੰਘ ਨਾਜ਼ੀ,ਕੌਂਸਲਰ ਕਰਮਜੀਤ ਸਿੰਘ ਰਾਣਾ,ਸ਼ਹਿਰੀ ਪ੍ਰਧਾਨ ਕੁਲਵੰਤ ਸਿੰਘ,ਨਿੱਜੀ ਸਹਾਇਕ ਅਮਰਜੀਤ ਸਿੰਘ ਚੀਮਾ,ਤੀਰਥ ਰਾਮ ਸਿੰਗਲਾ ਤੋਂ ਇਲਾਵਾ ਵੱਡੀ ਗਿਣਤੀ ਕਾਂਗਰਸੀ ਆਗੂ ਮੌਜੂਦ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
AWAZE QAUM International Newspaper & WEB TV
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਐਸ.ਸੀ ਨੌਜਵਾਨ ਦਾ ਪੁਲਿਸ ਵੱਲੋਂ ਜਬਰੀ ਸਸਕਾਰ ਕੀਤੇ ਜਾਣ ਦੀ ਅਧਿਕਾਰ ਸੰਘਰਸ਼ ਪਾਰਟੀ ਘੋਰ ਨਿੰਦਿਆ ਕਰਦੀ ਹੈ—ਇੰਜ ਸੁਰਿੰਦਰ ਸਿੰਘ ਭਿੰਡਰ

ਫ਼ਿਰੋਜ਼ਪੁਰ, 02 ਅਕਤੂਬਰ (ਮਨੋਹਰ ਲਾਲ) :— ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਪ੍ਰੈਸ ਨੂੰ ਦੱਸਿਆ ਕਿ ਪਿੰਡ ਤੂਰ ਬੰਜਾਰਾ ਦੇ ਗੁਲਜ਼ਾਰ ਸਿੰਘ ਦਾ ਜਬਰੀ ਸਸਕਾਰ ਦਾ ਮੁੱਦਾ ਅਜੇ ਠੰਡਾ ਨਹੀਂ ਹੋਇਆ ਸੀ ਕਿ ਮੁੱਖ ਮੰਤਰੀ ਦੇ ਜ਼ਿਲਾ ਸੰਗਰੂਰ ਦੇ ਪਿੰਡ ਕਨੋਈ ਵਿੱਚ ਇਕ ਹੋਰ ਅਜਿਹੀ ਘਟਨਾ ਵਾਪਰ ਗਈ।



ਪਿੰਡ ਕਨੋਈ ਦੇ ਅਨੁਸੂਚਿਤ ਜਾਤੀ ਨੌਜਵਾਨ ਨੇ 25 ਸਤੰਬਰ ਨੂੰ ਕੋਈ ਜ਼ਿਹਰੀਲੀ ਚੀਜ਼ ਨਿਗਲ ਕੇ ਆਤਮ ਹੱਤਿਆ ਕਰ ਲਈ ਸੀ। ਪੀੜਤ ਪਰਿਵਾਰ ਸਰਪੰਚ ਸਣੇ ਚਾਰ ਜਾਣਿਆਂ ਨੂੰ ਖੁਦਕੁਸ਼ੀ ਲਈ ਜ਼ਿੰਮੇਵਾਰ ਠਹਿਰਾਉਂਦਿਆਂ ਸਿਵਲ ਹਸਪਤਾਲ ਦੀ ਮੋਰਚਰੀ ਦੇ ਬਾਹਰ ਪਿਛਲੇ ਛੇ ਦਿਨਾਂ ਤੋਂ ਧਰਨਾ ਦੇ ਰਹੇ ਸਨ। ਪੀੜਤ ਪਰਿਵਾਰ ਦੀ ਮੰਗ ਸੀ ਕਿ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਉਨ੍ਹਾਂ ਵਿਰੁੱਧ ਦਰਜ਼ ਮੁਕਦਮੇ ਵਿਚ ਐਸ.ਸੀ ਐਕਟ 1989 ਤਹਿਤ ਧਰਾਵਾਂ ਵਿਚ ਵਾਧਾ ਕੀਤਾ ਜਾਵ, ਪਰ ਪੁਲਿਸ ਪ੍ਰਸ਼ਾਸਨ ਨੇ ਪੀੜਤ ਪਰਿਵਾਰ ਨੂੰ ਜ਼ਬਰੀ ਚੁੱਕ ਕੇ ਥਾਣਾ ਧੂਰੀ ਵਿਖੇ ਬੰਦ ਕਰ ਦਿੱਤਾ ਤੇ ਪਿਛੋਂ ਸਨਮਦੀਪ ਦਾ ਪੋਸਟਮਾਰਟਮ ਕਰਵਾਉਣ ਉਪਰੰਤ ਸ਼ਹਿਰ ਦੇ ਸਥਾਨਕ ਸ਼ਮਸ਼ਾਨਘਾਟ ਵਿਚ ਭਾਰੀ ਪੁਲਿਸ ਫੋਰਸ ਤਾਇਨਾਤ ਕਰਕੇ ਜਬਰੀ ਸਸਕਾਰ ਕਰ ਦਿੱਤਾ ਗਿਆ। ਇੰਜੀਨੀਅਰ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਪੁਲਿਸ ਪ੍ਰਸ਼ਾਸਨ ਦੀ ਇਸ ਕਾਰਵਾਈ ਕਰਕੇ ਪੀੜਤ ਪਰਿਵਾਰ ਨੂੰ ਆਪਣੇ ਪੁੱਤਰ ਦੇ ਅੰਤਿਮ ਦਰਸ਼ਨ ਅਤੇ ਲਾਜ਼ਮੀ ਰਸਮਾਂ ਨਿਭਾਉਣਾ ਵੀ ਨਸੀਬ ਨਹੀਂ ਹੋਇਆ। ਇੰਜ. ਭਿੰਡਰ ਨੇ ਕਿਹਾ ਕਿ ਨੌਜਵਾਨ ਦਾ ਪ੍ਰੀਵਾਰ ਰੋਂਦਾ ਕੁਰਲਾਉਂਦਾ ਪੁਲਿਸ ਪ੍ਰਸ਼ਾਸਨ ਦੇ ਤਰਲੇ ਕੱਢਦਾ ਰਿਹਾ ਪਰ ਕਿਸੇ ਨਾ ਸੁਣੀ ਅਤੇ ਪੁਲਿਸ ਮਹਿਲਾ ਕਰਮਚਾਰੀ ਉਸ ਦੀ ਮਾਂ ਨੂੰ ਲੱਤਾਂ ਬਾਹਾਂ ਤੋਂ ਫੜਕੇ ਘੜੀਸਦੀ ਹੋਈ ਨਾਲ ਲੈ ਗਏ ਅਤੇ ਥਾਣੇ ਵਿਚ ਸਾਰਿਆਂ ਨੂੰ ਬੰਦ ਕਰ ਦਿੱਤਾ।ਲੜਕੇ ਦਾ ਬਜ਼ੁਰਗ ਦਾਦਾ ਕੁਰਲਾ ਰਿਹਾ ਸੀ ਕਿ ਅੱਜ ਪੁਲਿਸ ਨੇ ਮੇਰੀ ਪੱਗ ਰੋਲ ਦਿੱਤੀ ਹੈ। ਪੰਜਾਬ ਪ੍ਰਧਾਨ ਨੇ ਕਿਹਾ ਕਿ ਕਿਸੇ ਵੀ ਕਾਰਨ ਭਾਵੇਂ ਕਿਸੇ ਦੀ ਵੀ ਮੌਤ ਹੋ ਜਾਵੇ, ਦੁਨੀਆ ਭਰ ਦੇ ਦੇਸ਼ ਪੀੜਤ ਪਰਿਵਾਰ ਨੂੰ ਮ੍ਰਿਤਕ ਦੀ ਲਾਸ਼ ਲਾਜ਼ਮੀ ਰਸਮਾਂ ਨਿਭਾਉਣ ਅਤੇ ਅੰਤਿਮ ਦਰਸ਼ਨਾਂ ਲਈ ਪਰਿਵਾਰ ਦੇ ਹਵਾਲੇ ਕਰਦੇ ਹਨ ਤਾਂ ਕਿ ਉਹ ਆਪਣੇ ਸਕੇ ਸਬੰਧੀ ਦੀ ਲਾਸ਼ ਦਾ ਸਸਕਾਰ ਖੁਦ ਕਰ ਸਕਣ। ਅਧਿਕਾਰ ਸੰਘਰਸ਼ ਪਾਰਟੀ ਦੀ ਸਮੁੱਚੀ ਟੀਮ ਸਨਮਦੀਪ ਦਾ ਪੁਲਿਸ ਪ੍ਰਸ਼ਾਸਨ ਵੱਲੋਂ ਜ਼ਬਰੀ ਸਸਕਾਰ ਕਰਨ ਦੀ ਘੋਰ ਨਿੰਦਿਆ ਕਰਦੇ ਹੋਏ ਪੰਜਾਬ ਸਰਕਾਰ ਨੂੰ ਅਪੀਲ ਕਰਦੀ ਹੈ ਕਿ ਦੋਸ਼ੀਆਂ ਵਿਰੁੱਧ ਦਰਜ਼ ਮੁਕਦਮੇ ਵਿਚ ਐਸ.ਸੀ ਐਕਟ 1989 ਤਹਿਤ ਧਰਾਵਾਂ ਦਾ ਵਾਧਾ ਕੀਤਾ ਜਾਵੇ ਤੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਜੇਲ ਅੰਦਰ ਡਕਿਆ ਜਾਵੇ।ਅਧਿਕਾਰ ਸੰਘਰਸ਼ ਪਾਰਟੀ ਦੀ ਟੀਮ ਸਰਕਾਰ ਤੋਂ ਇਹ ਵੀ ਜ਼ੋਰਦਾਰ ਮੰਗ ਕਰਦੀ ਹੈ ਕਿ ਪੀੜਤ ਪਰਿਵਾਰ ਦੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ ਅਤੇ ਇੱਕ ਕਰੋੜ ਦੀ ਨਗਦ ਰਾਸ਼ੀ ਵੀ ਉਪਲਬਧ ਕਰਵਾਈ ਜਾਵੇ ਅਤੇ ਪਰਿਵਾਰ ਨੂੰ ਇਨਸਾਫ ਦਿਵਾਉਣ ਲਈ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਉਨ੍ਹਾਂ ਕਿਹਾ ਕਿ ਇਹ ਵੀ ਮੰਗ ਹੈ ਕਿ ਇਹੋ ਜਿਹੇ ਘਨੋਣੇ ਵਰਤਾਰੇ ਨੂੰ ਪੱਕੀ ਠੱਲ ਪਾਉਣ ਲਈ ਪੰਜਾਬ ਸਰਕਾਰ ਪੁਲਿਸ ਪ੍ਰਸ਼ਾਸਨ ਨੂੰ ਸਖ਼ਤ ਹਦਾਇਤਾਂ ਜਾਰੀ ਕਰੇ ਤਾਂ ਕਿ ਕਿਸੇ ਵੀ ਬੰਦੇ ਦੀ ਵਜਾਹ ਕਾਰਨ ਕੋਈ ਵੀ ਅਣਚਾਹੀ ਮੌਤ ਨਾ ਮਰੇ।

ਆਵਾਜ਼ਿ ਕੌਮ AWAZE QAUM International Newspaper & WEB TV

## ਲਾਹ 'ਤੇ ਚੁਰਾਹੇ 'ਚ ਉੱਚ ਕੁਰਸੀਆਂ 'ਤੇ ਬੈਠਿਆਂ ਦੇ ਮਖੌਟੇ ! ! !

## ਇਯਾਲੀ ਦੀਆਂ ਤਿੱਖੀਆਂ ਟਿੱਪਣੀਆਂ

ਸਿੱਖ ਮੁੱਦਿਆਂ 'ਤੇ ਵਿਧਾਨ ਸਭਾ 'ਚ ਬੇਬਾਕ ਤੇ ਨਿੱਡਰਤਾ ਨਾਲ ਬੋਲਣ ਕਰਕੇ ਸਿੱਖਾਂ ਦੇ ਨਾਲ-ਨਾਲ ਸਮੁੱਚੇ ਪੰਜਾਬੀ ਭਾਈਚਾਰੇ 'ਚ ਚਰਚਿਤ ਹੋਏ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਨੇ ਦੇਸ਼ ਦੇ ਚੋਣ ਕਮਿਸ਼ਨ ਵਲੋਂ ਅਕਾਲੀ ਦਲ ਵਾਰਿਸ ਪੰਜਾਬ ਨੂੰ ਮਾਨਤਾ ਦੇਣ ਤੋਂ ਇਨਕਾਰੀ ਹੋਣ 'ਤੇ ਕੀਤੀ ਟਿੱਪਣੀ 'ਚ ਕਈ ਅਹਿਮ ਸਵਾਲ ਖੜੇ ਕੀਤੇ ਨੇ, ਜਿਨ੍ਹਾਂ ਦਾ ਜਵਾਬ ਸਿੱਖ ਭਾਈਚਾਰਾ ਜਾਂ ਪੰਜਾਬੀ ਹੀ ਨਹੀਂ ਮੰਗ ਰਹੇ, ਸਗੋਂ ਦੇਸ਼ ਦਾ ਸੰਵਿਧਾਨ, ਇਥੋਂ ਦਾ ਲੋਕਤੰਤਰ, ਮੀਡੀਆ ਤੇ ਨੈਸ਼ਨਲ ਪੱਖੀ ਲੋਕ ਭਾਈਚਾਰਾ ਵੀ ਮੰਗ ਰਿਹਾ, ਇਯਾਲੀ ਨੇ ਦੇਸ਼ ਦੀ ਆਜ਼ਾਦੀ 'ਚ ਸਿੱਖਾਂ ਦੀ ਅਹਿਮ ਭੂਮਿਕਾ, ਦੇਸ਼ ਦੇ ਅੰਨ ਭੰਡਾਰ 'ਚ ਪੰਜਾਬੀ ਕਿਸਾਨੀ ਦੇ ਰੋਲ ਦਾ ਜ਼ਿਕਰ ਕਰਦਿਆਂ, ਜਿਥੇ ਚੋਣ ਕਮਿਸ਼ਨ ਦੇ ਪੱਖਪਾਤੀ ਰਵੱਈਏ ਖ਼ਿਲਾਫ ਉੱਠ ਰਹੀ ਆਵਾਜ਼ ਨੂੰ ਮੁੜ ਦੁਹਰਾਇਆ, ਉਥੇ ਉੱਚ ਅਦਾਲਤ ਨੂੰ ਅਜੇ ਆਸ ਦੀ ਕਿਰਨ ਕਿਹਾ, ਇਸ ਤੋਂ ਵੀ ਅੱਗੇ ਇਸ ਮੁੱਦੇ ਨੂੰ ਲੋਕਾਂ 'ਚ ਲਿਜਾਣ ਦੀ ਗੱਲ ਵੀ ਕੀਤੀ ਹੈ, ਕਿਉਂਕਿ ਲੋਕਤੰਤਰ 'ਚ ਅਸਲ ਤਾਕਤ ਲੋਕਾਂ ਦੇ ਹੱਥ ਹੁੰਦੀ ਹੈ, ਅਕਾਲੀ ਦਲ ਵਾਰਿਸ ਪੰਜਾਬ ਨੂੰ ਚੋਣ ਕਮਿਸ਼ਨ ਵਲੋਂ ਦੇਸ਼ ਵਿਰੋਧੀ ਖਾਤੇ 'ਚ ਦਿਖਾਉਣ 'ਤੇ ਇਯਾਲੀ ਨੇ ਵੱਡਾ ਸਵਾਲ ਉਠਾਇਆ ਕਿ ਲੋਕਾਂ ਵਲੋਂ ਜਿਥੇ ਇਸ ਧਿਰ ਦੇ ਦੋ ਨੁਮਾਇੰਦਿਆਂ ਨੂੰ ਪਾਰਲੀਮੈਂਟ 'ਚ ਵੱਡੀ ਲੀਡ ਨਾਲ ਸਮੂਲੀਅਤ ਕਰਵਾਈ ਗਈ ਹੈ, ਉਥੇ ਪੰਜਾਬ ਵਿਧਾਨ ਸਭਾ 'ਚ ਆਪਣੀ ਨੁਮਾਇੰਦਗੀ ਨੂੰ ਵੀ ਵਾਰਿਸ ਪੰਜਾਬ ਦੇ ਖਾਤੇ ਖੜਾ ਦਿਖਾਉਂਦਿਆਂ ਚੈਲਿੰਜ ਕੀਤਾ ਕਿ ਇਸ ਧਿਰ ਦੀ ਸੰਵਿਧਾਨ ਦੇ ਦਾਇਰੇ 'ਚੋਂ ਬਾਹਰੀ ਜਾਂ ਮਨਮਾਨੀ ਵਾਲ਼ੀ ਕਰਵਾਈ ਲੋਕਾਂ ਸਾਹਮਣੇ ਰੱਖੀ ਜਾਵੇ, ਜਿਸ ਦਾ ਉਹ ਜਵਾਬ ਦੇਣਗੇ, ਦੋਹਰੀਆਂ ਤੀਹਰੀਆਂ ਸਜ਼ਾਵਾਂ ਕੱਟ ਚੁੱਕੇ ਬੰਦੀ ਸਿੰਘਾਂ ਨੂੰ ਨਜਾਇਜ਼ ਜੇਲਾਂ 'ਚ ਰੱਖ ਕੇ ਮਨੁੱਖੀ ਅਧਿਕਾਰਾਂ ਦੇ ਹੋ ਰਹੇ ਘਾਣ, ਭਾਈ ਅੰਮ੍ਰਿਤਪਾਲ ਸਿੰਘ 'ਤੇ ਨਜਾਇਜ਼ ਐਨ. ਐਸ. ਏ. ਲਗਾਉਣ ਤੇ ਹੁਣ ਇਹ ਧਾਰਾ ਟੁੱਟਣ ਦੇ ਬਾਵਜੂਦ ਵੀ ਲੋਕਾਂ ਦੇ ਲੱਖਾਂ ਵੋਟਾਂ ਨਾਲ ਚੁਣੇ ਇਸ ਨੁਮਾਇੰਦੇ ਨੂੰ ਪਾਰਲੀਮੈਂਟ 'ਚ ਜਾਣ ਤੋਂ ਰੋਕਣ, ਇਸ ਹਲਕੇ ਦੇ ਫੰਡ ਰੋਕਣ ਨੂੰ ਵੀ ਉਠਾਉਂਦਿਆਂ, ਸੰਵਿਧਾਨ ਜਾਂ ਕਾਨੂੰਨ ਪੱਖੀ ਅਖਵਾਉਣ ਵਾਲੀਆਂ ਉੱਚ ਕੁਰਸੀਆਂ 'ਤੇ ਬੈਠੀਆਂ ਧਿਰਾਂ ਦਾ ਮਖੌਟਾ ਲਾਹ ਕੇ ਲੋਕਤੰਤਰ ਦੇ ਚੁਰਾਹੇ 'ਚ ਨੰਗਾ ਕਰ ਦਿੱਤਾ, ਇਯਾਲੀ ਵਲੋਂ ਪ੍ਰਗਟਾਵਾ ਕੀਤਾ ਗਿਆ ਕਿ ਸਿੱਖਾਂ ਸਮੇਤ ਪੰਜਾਬੀਆਂ ਦੇ ਪੁਰਾਤਨ ਮੁੱਦਿਆਂ, ਜਿਨ੍ਹਾਂ "ਤੇ ਕਿਸੇ ਸਮੇਂ ਅਕਾਲੀ ਦਲ ਪਹਿਰੇਦਾਰੀ ਕਰਦਾ ਰਿਹਾ, ਜਿਵੇਂ ਚੰਡੀਗੜ੍ਹ ਦਾ ਮੁੱਦਾ, ਪੰਜਾਬ ਦੇ ਪਾਣੀਆਂ ਦਾ ਮੁੱਦਾ ਅਤੇ ਪੰਜਾਬੀ ਬੋਲਦੇ ਇਲਾਕਿਆਂ ਦਾ ਮੁੱਦਾ ਉਠਾ ਕੇ ਕੇਂਦਰ ਸਮੇਤ ਉੱਚ ਕੁਰਸੀਆਂ 'ਤੇ ਬੈਠੀ ਬਿਊਰੋਕਰੇਸੀ ਤੋਂ ਜਿਥੇ ਜਵਾਬ ਮੰਗਿਆ ਗਿਆ, ਉਥੇ ਅਕਾਲੀ ਲੀਡਰ ਵਜੋਂ ਮੁੜ ਇਨ੍ਹਾਂ ਮੁੱਦਿਆਂ 'ਤੇ ਖੇਤਰੀ ਧਿਰ ਤੇ ਪੰਜਾਬੀਆਂ ਦਾ ਹੱਕ ਜਾਂ ਜ਼ੋਰਦਾਰ ਰੂਪ 'ਚ ਦਾਅਵਾ ਠੋਕਿਆ ਗਿਆ, ਇਯਾਲੀ ਇਸ ਸਮੇਂ ਸੂਬੇ ਪੰਜਾਬ, ਘੱਟ ਗਿਣਤੀ ਸਿੱਖਾਂ ਸਮੇਤ ਜਿਸ ਤਰਾਂ ਸਮੁੱਚੇ ਪੰਜਾਬੀ ਭਾਈਚਾਰੇ ਦੀ ਸੂਝਤਾ, ਤੇ ਦੂਰਅੰਦੇਸੀ ਨਾਲ ਗੱਲ ਕਰ ਰਹੇ ਨੇ ਤੇ ਜਿਸ ਤਰਾਂ ਉਨ੍ਹਾਂ ਵਲੋਂ ਵਾਰਿਸ ਪੰਜਾਬ ਦੇ ਹੱਕ 'ਚ ਸਿੱਖਾਂ ਸਮੇਤ ਹਿੰਦੂ ਭਾਈਚਾਰੇ, ਮੁਸਲਿਮ ਭਾਈਚਾਰੇ, ਈਸਾਈ ਭਾਈਚਾਰੇ ਦੀ ਗੱਲ ਕਰਦਿਆਂ ਆਪਣੀ ਧਿਰ ਵਾਰਿਸ ਪੰਜਾਬ ਨਾਲ ਜੁੜਨ ਦੀ ਗੱਲ ਕੀਤੀ ਗਈ ਹੈ, ਦੇਖੀਏ ਇਹ ਪ੍ਰਗਟਾਵੇ ਦੀ ਪੰਜਾਬ ਹੀ ਨਹੀਂ ਦੇਸ਼ ਵੱਡੇ ਰਾਜਨੀਤਿਕ ਚਿਹਰੇ ਕੈਪਟਨ ਅਮਰਿੰਦਰ ਸਿੰਘ, ਪ੍ਰਤਾਪ ਸਿੰਘ ਬਾਜਵਾ, ਸਮੇਤ ਗ੍ਰਹਿ ਮੰਤਰੀ ਸ਼ਾਹ ਤੱਕ ਆਪਣੇ ਆਪਣੇ ਢੰਗ ਨਾਲ ਪੁਸਟੀ ਕਰ ਚੁੱਕੇ ਨੇ, ਪਾਰਲੀਮੈਂਟ 'ਚ ਅਮਿਤ ਸ਼ਾਹ ਵਲੋਂ ਇਹ ਭਾਈ ਅੰਮ੍ਰਿਤਪਾਲ ਸਿੰਘ ਵੱਲ ਇਸਾਰਾ ਕਰਕੇ ਕਹਿਣਾ ਕਿ ਉਹ ਜੇਲ 'ਚ ਬੈਠ ਪਾਠ ਕਰ ਰਿਹਾ, ਇਸ ਧਿਰ ਦੀ ਲੀਡਰਸਿਪ ਦੀ ਹੋਂਦ ਨੂੰ ਕਬੂਲਣਾ ਹੀ ਹੈ, ਇਯਾਲੀ ਵਲੋਂ ਜਿਥੇ ਵਾਰਿਸ ਪੰਜਾਬ ਨੂੰ ਮਾਨਤਾ ਦਿਵਾਉਣ ਦੇ ਮੁੱਦੇ ਨੂੰ ਉੱਚ ਅਦਾਲਤ 'ਚ ਲਿਜਾਣ ਦਾ ਪ੍ਰਗਟਾਵਾ ਕੀਤਾ ਗਿਆ, ਉਥੇ ਇਸ ਦੇ ਹੱਕ 'ਚ ਪੰਜਾਬ ਤੋਂ ਦਿੱਲੀ ਦੇ ਜੰਤਰ ਮੰਤਰ ਤੱਕ ਜਾ ਕੇ ਆਵਾਜ ਉਠਾਉਣ ਦੀ ਗੱਲ ਕਹਿ ਕੇ ਲੋਕ ਪੱਖੀ ਧਿਰਾਂ ਨੂੰ ਵੀ ਸੱਦਾ ਦਿੱਤਾ ਗਿਆ, ਉਥੇ ਇਸ ਦੇ ਬਾਵਜੂਦ ਚੋਣ ਕਮਿਸ਼ਨ ਨਹੀਂ ਤਾਂ ਲੋਕਤੰਤਰ 'ਚ ਅਸਲ ਤਾਕਤ ਲੋਕਾਂ ਦੀ ਕਚਿਹਰੀ 'ਚ 2027 'ਚ ਜਾਣ ਦਾ ਪ੍ਰਗਟਾਵਾ ਵੀ ਕੀਤਾ ਗਿਆ, ਜੋ ਸਿੱਖਾਂ ਤੇ ਪੰਜਾਬੀਆਂ ਦੀਆਂ ਭਾਵਨਾਵਾਂ ਦਾ ਸਤਿਕਾਰ ਹੈ, ਇਸ ਮੁੱਦੇ 'ਤੇ ਪੰਜਾਬ ਦੀਆਂ ਸਿਆਸੀ ਧਿਰਾਂ ਨੂੰ ਵੀ ਲੋਕ ਪੱਖ ਜਾਂ ਸੰਵਿਧਾਨ ਦੇ ਹੱਕ 'ਚ ਖੜਦਿਆਂ ਜਿਥੇ ਗੱਲ ਕਰਨੀ ਚਾਹੀਦੀ ਹੈ, ਉਥੇ ਪੰਜਾਬੀਆਂ ਨੂੰ ਵੀ ਭਾਵੇਂ ਉਹ ਕਿਸੇ ਵੀ ਧਿਰ ਦੇ ਹੱਕ 'ਚ ਹੋਣ ਪਰ ਲੋਕਤੰਤਰ ਦੀ ਬਹਾਲੀ ਲਈ ਹਾਅਰਾ ਨਾਅਰਾ ਮਾਰਨਾ ਚਾਹੀਦਾ, ਤੁਹਾਡੀ ਰਾਇ ਕੀ ਹੈ ਕਮਿੰਟ ਜਰੂਰ ਕਰਨਾ



ਆਵਾਜ਼ਿ ਕੌਮ AWAZE QAUM International Newspaper & WEB TV

**-ਜੋਗਿੰਦਰ ਸਿੰਘ, 98558-62377 ਵਟਸਐਪ**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਗੁਰਤਾਗੱਦੀ ਨੂੰ ਸਮਰਪਿਤ ਦੀਵਾਨ ਸਜਣਗੇ

**ਗੁਰਤਾਗੱਦੀ : ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ ।**



ਕੀਰਤਨੀ ਜਥਾ ਰਾਗੀ ਭਾਈ ਸਤਿੰਦਰ ਸਿੰਘ ਗੁਰਦਾਸਪੁਰ ਵਾਲੇ

ਸ਼ਨਿੱਚਰਵਾਰ 3 ਅਕਤੂਬਰ ਸ਼ਾਮ ਨੂੰ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ ।

ਹਰ ਐਤਵਾਰ 4 ਅਕਤੂਬਰ 2026 ਨੂੰ 6:30 ਵਜੇ ਸਵੇਰੇ ਚੋਪਹਿਰਾਂ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:30 ਵਜੇ ਭੋਗ ਪੈਣ ਉਪਰੰਤ 12:30 ਵਜੇ ਤੱਕ ਦੀਵਾਨ ਸੱਜਣਗੇ ।

ਕੀਰਤਨੀ ਜਥਾ ਰਾਗੀ ਭਾਈ ਸਤਿੰਦਰ ਸਿੰਘ ਜੀ ਵਿਸ਼ੇਸ਼ ਤੌਰ ਤੇ ਪੰਜਾਬ ਦੀ ਧਰਤੀ ਤੋਂ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤੱਕ

# 'ਬੰਦੀ ਸਿੰਘ ਰਿਹਾਈ ਮਾਰਚ' ਪੂਰੇ ਜਾਹੋ-ਜਲਾਲ ਨਾਲ ਆਰੰਭ

## ਗੁਰਦੁਆਰਾ ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤੱਕ ਦੇ ਬੰਦੀ ਸਿੰਘ ਰਿਹਾਈ ਮਾਰਚ ਦਾ ਪਹਿਲਾ ਪੜਾਅ ਅੱਜ ਪੰਜ ਪਿਆਰਿਆਂ ਦੀ ਅਗਵਾਈ ਹੇਠ ਆਰੰਭ ਹੋਇਆ

















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਫ਼ਤਿਹਗੜ੍ਹ ਸਾਹਿਬ / ਸੰਗਰੂਰ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਅੱਜ (2 ਅਕਤੂਬਰ) ਗੁਰਦੁਆਰਾ ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤੱਕ ਦੇ ਬੰਦੀ ਸਿੰਘ ਰਿਹਾਈ ਮਾਰਚ ਦਾ ਪਹਿਲਾ ਪੜਾਅ ਅੱਜ ਗੁਰਦੁਆਰਾ ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਨਾਨਕਿਆਣਾ ਸਾਹਿਬ ਤੱਕ ਪੂਰੇ ਜਾਹੋ-ਜਲਾਲ ਅਤੇ ਪੰਥਕ ਜਜ਼ਬੇ ਨਾਲ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ-ਪਵਿੱਤਰ ਛਤਰ-ਛਾਇਆ ਅਤੇ ਪੰਜ ਪਿਆਰਿਆਂ ਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਹੇਠ ਆਰੰਭ ਹੋਇਆ। ਮਾਰਚ ਦੀ ਆਰੰਭਤਾ ਵੇਲੇ ਗੁਰਦੁਆਰਾ ਸ੍ਰੀ ਫ਼ਤਿਹਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਸਾਹਿਬ ਵੱਲੋਂ ਅਰਦਾਸ ਕੀਤੀ ਗਈ।

ਇਸ ਮਾਰਚ ਨੇ ਸਮੁੱਚੇ ਖਾਲਸਾ ਪੰਥ ਵਿੱਚ ਇੱਕ ਵੱਡੀ ਕੌਮੀ ਏਕਤਾ ਦਾ ਪ੍ਰਗਟਾਵਾ ਕੀਤਾ ਹੈ। ਮਾਰਚ ਵਿੱਚ ਵੱਖ-ਵੱਖ ਪੰਥਕ ਜਥੇਬੰਦੀਆਂ, ਧਾਰਮਿਕ ਸੰਪਰਦਾਵਾਂ, ਕਿਸਾਨ ਆਗੂਆਂ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਨੇ ਵੱਡੀ ਗਿਣਤੀ ਸੰਗਤਾਂ ਸਮੇਤ ਸ਼ਮੂਲੀਅਤ ਕੀਤੀ। ਇਸ ਵਿੱਚ ਮੁੱਖ ਤੌਰ 'ਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ,

ਆਵਾਜ਼ਿ ਕੌਮ AWAZE QAUM
International Newspaper & WEB TV

ਪਰਮਿੰਦਰ ਸਿੰਘ ਢੀਂਡਸਾ, ਬਾਬਾ ਸੇਵਾ ਸਿੰਘ, ਭਾਈ ਜਸਵੀਰ ਸਿੰਘ ਰੋਡੇ, ਜਥੇਦਾਰ ਗੁਰਚਰਨ ਸਿੰਘ ਹਵਾਰਾ ਦੇ ਨੁਮਾਇੰਦੇ, ਭਾਈ ਬਲਜੀਤ ਸਿੰਘ ਦਾਦੂਵਾਲ, ਭਾਈ ਗੁਰਦੀਪ ਸਿੰਘ ਬਠਿੰਡਾ, ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ, ਵਾਰਿਸ ਪੰਜਾਬ ਦੇ ਸੰਗਠਨ ਵੱਲੋਂ ਬਾਪੂ ਤਰਸੇਮ ਸਿੰਘ ਤੇ ਮਨਪ੍ਰੀਤ ਸਿੰਘ ਇਯਾਲੀ, ਮੈਂਬਰ ਭਾਈ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸਤਵਿੰਦਰ ਸਿੰਘ ਟੌਹੜਾ, ਪਾਲ ਸਿੰਘ ਫਰਾਸ਼ ,ਹਰਿੰਦਰਪਾਲ ਟੌਹੜਾ, ਬਲਜੀਤ ਸਿੰਘ ਭੁੱਟਾ, ਅਵਤਾਰ ਸਿੰਘ ਰਿਆ ਮੈਂਬਰ, ਹਰਭਜਨ ਸਿੰਘ ਚਰਨਾਥਲ , ਹਰਜਿੰਦਰ ਕੌਰ ਮੈਂਬਰ, ਰਵਿੰਦਰ ਖਾਲਸਾ, ਬਾਬਾ ਮਨਮੋਹਨ ਸਿੰਘ ਬਾਰਨ, ਗੁਰਦੀਪ ਸਿੰਘ ਕੰਗ ਮਨੇਜਰ, ਜਸਕਰਨ ਸਿੰਘ ਕਾਹਨ ਸਿੰਘ ਵਾਲਾ, ਦਲਵੀਰ ਸਿੰਘ ਸਿੱਧੂਪੁਰ , ਲਖਬੀਰ ਸਿੰਘ ਸਟੋਰ , ਮਹਿੰਦਰਜੀਤ ਸਿੰਘ ਖਰੌੜੀ , ਮਨਦੀਪ ਸਿੰਘ ਤਰਖਾਣ ਮਾਜਰਾਸਮੇਤ ਭਾਰਤੀ ਕਿਸਾਨ ਯੂਨੀਅਨ ਦੇ ਸਾਰੇ ਧੜਿਆਂ ਦੇ ਆਗੂਆਂ ਤੇ ਵੱਡੀ ਗਿਣਤੀ ਸੰਗਤਾਂ ਨੇ ਸ਼ਮੂਲੀਅਤ ਕੀਤੀ।

ਗੁਰਦੁਆਰਾ ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਆਰੰਭ ਹੋ ਕੇ ਇਹ ਮਾਰਚ ਸਰਹੰਦ ਮੰਡੀ, ਸਾਨੀਪੁਰ, ਖੋਜੇ ਮਾਜਰਾ, ਸੰਗਤਪੁਰਾ, ਚਨਾਰਥਲ ਖੁਰਦ, ਚਨਾਰਥਲ ਕਲਾਂ ਅਤੇ ਟੌਹੜਾ ਵਰਗੇ ਵੱਖ-ਵੱਖ ਪਿੰਡਾਂ ਤੋਂ ਹੁੰਦਾ ਹੋਇਆ ਲੰਘਿਆ, ਜਿੱਥੇ ਪਿੰਡ-ਪਿੰਡ ਸੰਗਤਾਂ ਨੇ ਪੂਰੇ ਸ਼ਰਧਾ ਤੇ ਸਤਿਕਾਰ ਨਾਲ ਮਾਰਚ ਦਾ ਸਵਾਗਤ ਕੀਤਾ।ਅੱਜ ਰਾਤ ਇਹ ਮਾਰਚ ਗੁਰਦੁਆਰਾ ਨਾਨਕਿਆਣਾ ਸਾਹਿਬ / ਮਸਤੂਆਣਾ

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤੱਕ

# 'ਬੰਦੀ ਸਿੰਘ ਰਿਹਾਈ ਮਾਰਚ' ਪੂਰੇ ਜਾਹੋ-ਜਲਾਲ ਨਾਲ ਆਰੰਭ

## ਸਿੱਖਾਂ ਦੀ ਵੱਖਰੀ ਤੇ ਆਜ਼ਾਦ ਹਸਤੀ ਨੂੰ ਖ਼ਤਮ ਕਰਨ ਦੀਆਂ ਚਾਲਾਂ ਵਿਰੁੱਧ ਭਾਰਤ ਸਰਕਾਰ ਅਤੇ ਭਾਰਤੀ ਜਨਤਾ ਪਾਰਟੀ ਦਾ ਮੁਕੰਮਲ ਬਾਈਕਾਟ ਕੀਤਾ ਜਾਵੇਗਾ













ਸਾਹਿਬ (ਸੰਗਰੂਰ) ਵਿਖੇ ਵਿਸ਼ਰਾਮ ਕਰੇਗਾ। ਕੱਲ੍ਹ ਸਵੇਰੇ 10 ਵਜੇ ਉੱਥੋਂ ਆਰੰਭ ਹੋ ਕੇ ਵੱਖ-ਵੱਖ ਪਿੰਡਾਂ ਰਾਹੀਂ ਹੁੰਦਾ ਹੋਇਆ ਇਹ ਮਾਰਚ ਤਖ਼ਤ ਸ੍ਰੀ ਦਮਦਮਾ ਸਾਹਿਬ (ਤਲਵੰਡੀ ਸਾਬੋ) ਵਿਖੇ ਸੰਪੂਰਨ ਹੋਵੇਗਾ। ਅਗਲੇ ਮਾਰਚਾਂ ਦੀਆਂ ਤਾਰੀਖ਼ਾਂ ਦਾ ਐਲਾਨ ਵੀ ਜਲਦ ਕਰ ਦਿੱਤਾ ਜਾਵੇਗਾ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਇਸ ਮਾਰਚ ਦਾ ਮੁੱਖ ਮਨੋਰਥ ਸਿੱਖ ਸੰਗਤਾਂ ਨੂੰ ਲਾਮਬੰਦ ਕਰਨਾ ਹੈ, ਤਾਂ ਜੋ ਬੰਦੀ ਸਿੰਘਾਂ ਦੀ ਰਿਹਾਈ ਲਈ ਖਾਲਸਾ ਪੰਥ ਵੱਲੋਂ ਆਰੰਭੇ ਜਾਣ ਵਾਲੇ ਵੱਡੇ ਸੰਘਰਸ਼ ਦੀ ਰੂਪ-ਰੇਖਾ ਤੈਅ ਕੀਤੀ ਜਾ ਸਕੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਕੇਂਦਰ ਦੀ ਭਾਰਤ ਸਰਕਾਰ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕਰਦੀ, ਭਾਈ ਬਲਵੰਤ ਸਿੰਘ ਰਾਜੋਆਣਾ ਦੀ ਫਾਂਸੀ ਮਾਫ਼ ਨਹੀਂ ਕਰਦੀ, ਅਤੇ ਜਥੇਦਾਰ ਜਗਤਾਰ ਸਿੰਘ ਹਵਾਰਾ ਨੂੰ ਆਪਣੀ ਮਾਤਾ ਜੀ ਨੂੰ ਮਿਲਣ ਲਈ ਪੈਰੋਲ ਤੱਕ ਨਹੀਂ ਦਿੰਦੀ, ਤਾਂ ਪੂਰੇ ਭਾਰਤ ਵਿੱਚ 'ਜੇਲ੍ਹ ਭਰੋ ਅੰਦੋਲਨ' ਸ਼ੁਰੂ ਕੀਤਾ ਜਾਵੇਗਾ। ਇਸ ਦੇ ਨਾਲ ਹੀ ਸਿੱਖਾਂ ਨਾਲ ਹੋ ਰਹੀ ਲਗਾਤਾਰ ਧੱਕੇਸ਼ਾਹੀ ਅਤੇ ਸਿੱਖਾਂ ਦੀ ਵੱਖਰੀ ਤੇ ਆਜ਼ਾਦ ਹਸਤੀ ਨੂੰ ਖ਼ਤਮ ਕਰਨ ਦੀਆਂ ਚਾਲਾਂ ਵਿਰੁੱਧ ਭਾਰਤ ਸਰਕਾਰ ਅਤੇ ਭਾਰਤੀ ਜਨਤਾ ਪਾਰਟੀ ਦਾ ਮੁਕੰਮਲ ਬਾਈਕਾਟ ਕੀਤਾ ਜਾਵੇਗਾ। ਜਥੇਦਾਰ ਪੰਜੋਲੀ ਨੇ ਮੰਗ ਕੀਤੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਤੁਰੰਤ 'ਸਰਬੱਤ ਖਾਲਸਾ' ਸੱਦਣਾ ਚਾਹੀਦਾ ਹੈ ਜਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ 'ਵਿਸ਼ਵ ਸਿੱਖ ਕਨਵੈਨਸ਼ਨ' ਬੁਲਾ ਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਠੋਸ ਫ਼ੈਸਲਾ ਲਿਆ ਜਾਵੇ। ਇਹਨਾਂ ਅਹਿਮ ਫ਼ੈਸਲਿਆਂ 'ਤੇ ਅੰਤਿਮ ਮੋਹਰ 'ਕੌਮੀ ਇਨਸਾਫ਼ ਮੋਰਚੇ' ਦੀ ਅਗਲੀ ਭਵਿੱਖੀ ਇਕੱਤਰਤਾ ਵਿੱਚ ਲਗਾਈ ਜਾਵੇਗੀ। ਕੌਮੀ ਇਨਸਾਫ਼ ਮੋਰਚੇ ਵੱਲੋਂ ਇਸ ਮਾਰਚ ਵਿੱਚ ਸ਼ਾਮਲ ਹੋਈਆਂ ਸਮੁੱਚੀਆਂ ਧਾਰਮਿਕ ਸੰਪਰਦਾਵਾਂ, ਜਥੇਬੰਦੀਆਂ, ਕਿਸਾਨ ਯੂਨੀਅਨਾਂ ਅਤੇ ਸੰਗਤਾਂ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਸਰਦਾਰ ਹਰਜਿੰਦਰ ਸਿੰਘ ਧਾਮੀ ਦੇ ਆਦੇਸ਼ਾਂ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਿੱਤੇ ਗਏ ਪੂਰਨ ਸਹਿਯੋਗ ਲਈ ਵੀ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਜਥੇਦਾਰ ਪੰਜੋਲੀ ਨੇ ਆਸ ਪ੍ਰਗਟਾਈ ਕਿ ਅਕਾਲ ਪੁਰਖ ਵਾਹਿਗੁਰੂ ਮਿਹਰ ਕਰਨ, 2027 ਦੀਆਂ ਚੋਣਾਂ ਤੋਂ ਪਹਿਲਾਂ-ਪਹਿਲਾਂ ਸਮੁੱਚੇ ਖਾਲਸਾ ਪੰਥ ਵਿੱਚ ਮੁਕੰਮਲ ਏਕਤਾ ਕਾਇਮ ਹੋਵੇ, ਤਾਂ ਜੋ ਪੰਥ-ਵਿਰੋਧੀ ਸ਼ਕਤੀਆਂ ਦਾ ਡਟ ਕੇ ਟਾਕਰਾ ਕੀਤਾ ਜਾ ਸਕੇ ਅਤੇ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੰਘਾਂ ਦੀ ਰਿਹਾਈ ਸੰਭਵ ਹੋ ਸਕੇ। ••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

225 ਪਾਵਨ ਸਰੂਪਾਂ ਦੀ ਬੇਅਦਬੀ ਦਾ ਮਾਮਲਾ ਮੁੜ ਭਖਿਆ

# ਪ੍ਰਬੰਧਕਾਂ ਮੁੜ ਗਲਤੀ ਦੁਹਰਾਈ

## ☛ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੇ ਅਦਬ-ਸਤਿਕਾਰ ਅਤੇ ਮਰਿਆਦਾ ਨਾਲ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ - ਸਿੱਖ ਜਥੇਬੰਦੀਆਂ ਯੂਰਪ ☛ ਅਹੁਦੇ ਨਾ ਛੱਡੇ ਤਾਂ ਵਿਸ਼ਵ ਪੱਧਰੀ ਵਿਰੋਧ ਮੁਹਿੰਮ ਦੀ ਚਿਤਾਵਨੀ

**ਲੰਡਨ/ਜਰਮਨੀ, 2 ਅਕਤੂਬਰ (ਸਰਬਜੀਤ ਸਿੰਘ ਬਨੂੜ)**-ਕੈਨੇਡਾ ਦੇ ਸਰੀ ਸਥਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦੀ ਪ੍ਰਬੰਧਕ ਕਮੇਟੀ ਨਾਲ ਜੁੜਿਆ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦਾ ਮਾਮਲਾ ਮੁੜ ਭਖ ਗਿਆ ਹੈ। ਯੂਰਪ ਦੀਆਂ ਵੱਖ-ਵੱਖ ਸਿੱਖ ਜਥੇਬੰਦੀਆਂ ਅਤੇ ਸੰਗਤਾਂ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਦੋਸ਼ ਲਾਇਆ ਹੈ ਕਿ ਪਹਿਲਾਂ ਕੰਟੇਨਰਾਂ ਰਾਹੀਂ 225 ਪਾਵਨ ਸਰੂਪ ਕੈਨੇਡਾ ਮੰਗਵਾਉਣ ਨਾਲ ਪੈਦਾ ਹੋਇਆ ਵਿਵਾਦ ਅਜੇ ਠੰਢਾ ਵੀ ਨਹੀਂ ਪਿਆ ਸੀ ਕਿ ਉਸੇ ਪ੍ਰਬੰਧਕ ਕਮੇਟੀ ਵੱਲੋਂ ਮੁੜ ਪਾਵਨ ਸਰੂਪਾਂ ਦੇ ਸਤਿਕਾਰ ਨਾਲ ਜੁੜੀ ਮਰਿਆਦਾ ਦੀ ਉਲੰਘਣਾ ਕਰਨ ਦੀ ਕੋਸ਼ਿਸ਼ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਜਥੇਬੰਦੀਆਂ ਮੁਤਾਬਕ ਇਸ ਵਾਰ ਮੌਕੇ 'ਤੇ ਮੌਜੂਦ ਗੁਰਸਿੱਖਾਂ ਨੇ ਸਮੇਂ ਸਿਰ ਦਖ਼ਲ ਦੇ ਕੇ ਕਾਰਵਾਈ ਨੂੰ ਰੋਕ ਦਿੱਤਾ। ਉਨ੍ਹਾਂ ਕਿਹਾ ਕਿ ਪਹਿਲੀ ਘਟਨਾ ਕਾਰਨ ਸਿੱਖ ਸੰਗਤਾਂ ਦੇ ਹਿਰਦਿਆਂ ਵਿੱਚ ਪੈਦਾ ਹੋਇਆ ਰੋਸ ਅਜੇ ਸ਼ਾਂਤ ਨਹੀਂ ਹੋਇਆ ਅਤੇ ਮੁੜ ਅਜਿਹੇ ਦੋਸ਼ ਸਾਹਮਣੇ ਆਉਣਾ ਬੇਹੱਦ ਗੰਭੀਰ ਮਾਮਲਾ ਹੈ।

ਸਾਂਝੇ ਬਿਆਨ ਵਿੱਚ ਜਥੇਬੰਦੀਆਂ ਨੇ ਪ੍ਰਬੰਧਕਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ "ਆਪਹੁਦਰੇਪਣ" ਤੋਂ ਬਾਜ਼ ਆਉਣ। ਉਨ੍ਹਾਂ ਐਲਾਨ ਕੀਤਾ ਕਿ ਜੇਕਰ ਜ਼ਿੰਮੇਵਾਰ ਪ੍ਰਬੰਧਕ ਗੁਰੂ ਸਾਹਿਬ ਅੱਗੇ ਮੁਆਫ਼ੀ ਮੰਗ ਕੇ ਆਪਣੇ ਅਹੁਦਿਆਂ ਤੋਂ ਅਸਤੀਫ਼ੇ ਨਹੀਂ ਦਿੰਦੇ ਤਾਂ ਯੂਰਪ ਸਮੇਤ ਹੋਰਨਾਂ ਦੇਸ਼ਾਂ ਵਿੱਚ ਵੀ ਵਿਰੋਧ ਮੁਹਿੰਮ ਚਲਾਈ ਜਾਵੇਗੀ। ਬਿਆਨ ਵਿੱਚ ਇਹ ਵੀ ਕਿਹਾ ਗਿਆ ਕਿ ਲੋੜ ਪੈਣ 'ਤੇ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਲਿਜਾਇਆ ਜਾਵੇਗਾ ਅਤੇ ਸਬੰਧਤ ਪ੍ਰਬੰਧਕਾਂ ਵਿਰੁੱਧ ਪੰਥਕ ਕਾਰਵਾਈ ਦੀ ਮੰਗ ਕੀਤੀ ਜਾਵੇਗੀ।

ਜਥੇਬੰਦੀਆਂ ਨੇ ਕਿਹਾ ਕਿ ਪ੍ਰਬੰਧਕਾਂ ਖ਼ਿਲਾਫ਼ ਚੱਲ ਰਹੇ ਮੋਰਚੇ ਨੂੰ ਕਰੀਬ ਦੋ ਹਫ਼ਤੇ ਹੋਣ ਵਾਲੇ ਹਨ, ਪਰ ਉਨ੍ਹਾਂ ਦੇ ਦਾਅਵੇ ਮੁਤਾਬਕ ਹੁਣ ਤੱਕ ਕੋਈ ਤਸੱਲੀਬਖ਼ਸ਼ ਕਾਰਵਾਈ ਸਾਹਮਣੇ ਨਹੀਂ ਆਈ। ਯੂਰਪ ਦੀਆਂ ਸੰਗਤਾਂ ਅਤੇ ਜਥੇਬੰਦੀਆਂ ਨੇ ਇਸ ਮੋਰਚੇ ਨੂੰ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ ਹੈ।

ਜਰਮਨੀ ਤੋਂ ਭਾਈ ਦਲਵੀਰ ਸਿੰਘ, ਭਾਈ ਜਗਤਾਰ ਸਿੰਘ ਮਾਹਲ, ਭਾਈ ਦਰਸ਼ਨ ਸਿੰਘ, ਭਾਈ ਬਲਵਿੰਦਰ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਕੁਲਵਿੰਦਰ ਸਿੰਘ, ਭਾਈ ਰਮਨਦੀਪ ਸਿੰਘ, ਭਾਈ ਮਲਕੀਤ ਸਿੰਘ, ਭਾਈ ਸਿਮਰਨਜੋਤ ਸਿੰਘ, ਭਾਈ ਬਲਕਾਰ ਸਿੰਘ, ਭਾਈ ਰਾਜਬਿੰਦਰਵੀਰ ਸਿੰਘ, ਭਾਈ ਸ਼ਮਸ਼ੇਰ ਸਿੰਘ, ਭਾਈ ਸਤਨਾਮ ਸਿੰਘ, ਭਾਈ ਗੁਰਵੀਰ ਸਿੰਘ, ਭਾਈ ਸਨਦੀਪ ਸਿੰਘ, ਬਾਬਾ ਹਰਭਜਨ ਸਿੰਘ ਜੀ, ਬਾਬਾ ਜਸਵੰਤ ਸਿੰਘ ਜੀ, ਬਾਬਾ ਭਜਨ ਸਿੰਘ ਜੀ ਅਤੇ ਭਾਈ ਨਰਿੰਦਰ ਸਿੰਘ ਸ਼ਾਮਲ ਹਨ। ਬੈਲਜੀਅਮ, ਇਟਲੀ, ਸਪੇਨ ਅਤੇ ਗ੍ਰੀਸ ਤੋਂ ਮਨਜੋਤ ਸਿੰਘ ਗੈਂਟ, ਪ੍ਰਿਥੀਪਾਲ ਸਿੰਘ ਪਟਵਾਰੀ, ਗੁਰਦਿਆਲ ਸਿੰਘ ਢਕਾਨਸੂ, ਭਾਈ ਕੁਲਦੀਪ ਸਿੰਘ, ਭਾਈ ਰਜਿੰਦਰ ਸਿੰਘ, ਭਾਈ ਹਰਪ੍ਰੀਤ ਸਿੰਘ, ਭਾਈ ਹਰਪਾਲ ਸਿੰਘ, ਭਾਈ ਪਰਮਜੀਤ ਸਿੰਘ, ਭਾਈ ਬਲਜਿੰਦਰ ਸਿੰਘ, ਭਾਈ ਕਸ਼ਮੀਰ ਸਿੰਘ, ਭਾਈ ਸੁਖਜੀਤ ਸਿੰਘ, ਭਾਈ ਕੁਲਵਿੰਦਰ ਸਿੰਘ, ਭਾਈ ਜਰਨੈਲ ਸਿੰਘ, ਭਾਈ ਜਸਵੀਰ ਸਿੰਘ, ਭਾਈ ਦਿਲਜੋਤ ਸਿੰਘ, ਜਗਤਾਰ ਸਿੰਘ, ਸੀਤਲ ਸਿੰਘ, ਹਰਜੀਤ ਸਿੰਘ, ਬਲਵਿੰਦਰ ਸਿੰਘ, ਸੁੱਖਾ ਸਿੰਘ, ਭਾਈ ਕਮਲਜੀਤ ਸਿੰਘ, ਭਾਈ ਅਮਰੀਕ ਸਿੰਘ, ਭਾਈ ਬਲਕਾਰ ਸਿੰਘ (ਸੀਮਧਾਰੀ), ਭਾਈ ਰਾਜਵੀਰ ਸਿੰਘ (ਏਥਨ), ਭਾਈ ਮੇਜਰ ਸਿੰਘ (ਥੀਵਾ), ਭਾਈ ਰਣਜੀਤ ਸਿੰਘ (ਮੇਗਾਰਾ), ਭਾਈ ਅਮਰੀਕ ਸਿੰਘ (ਕਰੂਪੀ) ਅਤੇ ਭਾਈ ਮੋਢੀ ਸਿੰਘ (ਸਕਾਲਾ ਰੋਏ) ਸਮੇਤ ਹੋਰ ਸਿੱਖ ਆਗੂਆਂ ਨੇ ਬਿਆਨ ਦਾ ਸਮਰਥਨ ਕੀਤਾ ਹੈ। ਸਾਂਝੇ ਬਿਆਨ ਵਿੱਚ ਕਿਹਾ ਗਿਆ ਕਿ ਜੇਕਰ ਆਉਣ ਵਾਲੇ ਦਿਨਾਂ ਵਿੱਚ ਪ੍ਰਬੰਧਕ ਮੁਆਫ਼ੀ ਮੰਗ ਕੇ ਅਹੁਦੇ ਨਹੀਂ ਛੱਡਦੇ ਤਾਂ ਯੂਰਪ ਦੀਆਂ ਸਿੱਖ ਜਥੇਬੰਦੀਆਂ ਸੋਸ਼ਲ ਮੀਡੀਆ ਰਾਹੀਂ ਵਿਆਪਕ ਮੁਹਿੰਮ ਸ਼ੁਰੂ ਕਰਨਗੀਆਂ ਅਤੇ ਸੰਗਤ ਨੂੰ ਸਬੰਧਤ ਪ੍ਰਬੰਧਕਾਂ ਦੇ ਸਮਾਜਿਕ ਬਾਈਕਾਟ ਦੀ ਅਪੀਲ ਕਰਨਗੀਆਂ। ਵੱਖ ਵੱਖ ਜਥੇਬੰਦੀਆਂ ਨੇ ਸਮੁੱਚੇ ਘਟਨਾਕ੍ਰਮ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੇ ਅਦਬ-ਸਤਿਕਾਰ ਅਤੇ ਮਰਿਆਦਾ ਨਾਲ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਗੁਰੂ ਨਾਨਕ ਦੇਵ ਯੂਨੀਵਰਸਿਟੀ ਯੁਵਕ ਮੇਲੇ 'ਚ ਗੁਰੂ ਅਰਜਨ ਦੇਵ ਖਾਲਸਾ ਕਾਲਜ ਚੋਹਲਾ ਸਾਹਿਬ ਦੀ ਸ਼ਾਨਦਾਰ ਝੰਡੀ

# ਓਵਰਆਲ ਪਹਿਲੀ ਰਨਰ-ਅੱਪ ਟਰਾਫੀ 'ਤੇ ਕੀਤਾ ਕਬਜ਼ਾ; 4 ਮੁਕਾਬਲਿਆਂ ਵਿੱਚ ਪਹਿਲਾ, 6 ਵਿੱਚ ਦੂਜਾ ਅਤੇ 5 ਵਿੱਚ ਤੀਜਾ ਸਥਾਨ ਹਾਸਲ




ਚੋਹਲਾ ਸਾਹਿਬ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਕਰਵਾਏ ਗਏ ਬੀ-ਜ਼ੋਨ ਯੁਵਕ ਮੇਲੇ 2026 ਵਿੱਚ ਗੁਰੂ ਅਰਜਨ ਦੇਵ ਖਾਲਸਾ ਕਾਲਜ, ਚੋਹਲਾ ਸਾਹਿਬ ਦੇ ਵਿਦਿਆਰਥੀਆਂ ਨੇ ਆਪਣੀ ਕਲਾ, ਸੱਭਿਆਚਾਰਕ ਪ੍ਰਤਿਭਾ ਅਤੇ ਰਚਨਾਤਮਕ ਸਮਰੱਥਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਓਵਰਆਲ ਪਹਿਲੀ ਰਨਰ-ਅੱਪ ਟਰਾਫੀ ਆਪਣੇ ਨਾਮ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਵਿਦਿਆਰਥੀਆਂ ਦੀ ਇਸ ਮਾਣਮੱਤੀ ਪ੍ਰਾਪਤੀ ਨਾਲ ਕਾਲਜ ਕੈਂਪਸ ਵਿੱਚ ਖ਼ੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਬਣਿਆ ਹੋਇਆ ਹੈ। ਯੁਵਕ ਮੇਲੇ ਦੌਰਾਨ ਵੱਖ-ਵੱਖ ਕਲਾਤਮਕ ਅਤੇ ਸੱਭਿਆਚਾਰਕ ਮੁਕਾਬਲਿਆਂ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਨੇ ਨਾ ਸਿਰਫ਼ ਮੁਕਾਬਲਿਆਂ ਵਿੱਚ ਸ਼ਾਨਦਾਰ ਸਥਾਨ ਹਾਸਲ ਕੀਤੇ, ਸਗੋਂ ਆਪਣੀ ਮਿਹਨਤ, ਅਨੁਸ਼ਾਸਨ ਅਤੇ ਤਿਆਰੀ ਦਾ ਵੀ ਬਾਖ਼ੂਬੀ ਪ੍ਰਦਰਸ਼ਨ ਕੀਤਾ। ਕਾਲਜ ਨੇ ਕਲਾਸੀਕਲ ਪ੍ਰਕਸ਼ਨ, ਗ਼ਜ਼ਲ, ਗਰੁੱਪ ਸ਼ਬਦ ਅਤੇ ਅੰਗਰੇਜ਼ੀ ਭਾਸ਼ਣ ਦੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਦੀ ਪੇਸ਼ਕਾਰੀ ਨੂੰ ਖ਼ਾਸ ਸਰਾਹਨਾ ਮਿਲੀ। ਇਸੇ ਤਰ੍ਹਾਂ ਕਲਾਸੀਕਲ ਵੋਕਲ, ਫੋਕ ਆਰਕੈਸਟਰਾ, ਪੰਜਾਬੀ ਭਾਸ਼ਣ, ਲੋਕ ਗੀਤ, ਪੱਖੀ ਅਤੇ ਪੀੜੀ ਬੁਨਣ ਦੇ ਮੁਕਾਬਲਿਆਂ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਦੂਜਾ ਸਥਾਨ ਪ੍ਰਾਪਤ ਕਰਕੇ ਆਪਣੀ ਬਹੁਪੱਖੀ ਪ੍ਰਤਿਭਾ ਦਾ ਪ੍ਰਗਟਾਵਾ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਵੱਲੋਂ ਪੰਜਾਬੀ ਲੋਕ-ਵਿਰਾਸਤ, ਸੰਗੀਤ ਅਤੇ ਸੱਭਿਆਚਾਰ ਨਾਲ ਜੁੜੀ ਪੇਸ਼ਕਾਰੀ ਨੇ ਦਰਸ਼ਕਾਂ ਦਾ ਧਿਆਨ ਆਪਣੇ ਵੱਲ ਖਿੱਚਿਆ। ਇਸ ਤੋਂ ਇਲਾਵਾ ਫੋਟੋਗ੍ਰਾਫੀ, ਕਵੀਸ਼ਰੀ, ਡਿਬੇਟ, ਲੁੱਡੀ ਅਤੇ ਫੁਲਕਾਰੀ ਦੇ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਤਰ੍ਹਾਂ ਕਾਲਜ ਦੇ ਵਿਦਿਆਰਥੀਆਂ ਨੇ ਵੱਖ-ਵੱਖ ਸ਼੍ਰੇਣੀਆਂ ਵਿੱਚ ਕੁੱਲ 4 ਪਹਿਲੇ, 6 ਦੂਜੇ ਅਤੇ 5 ਤੀਜੇ ਸਥਾਨ ਹਾਸਲ ਕਰਦਿਆਂ ਓਵਰਆਲ ਪਹਿਲੀ ਰਨਰ-ਅੱਪ ਟਰਾਫੀ ਆਪਣੇ ਨਾਮ ਕੀਤੀ ਕਾਲਜ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਨੇ ਜੇਤੂ ਵਿਦਿਆਰਥੀਆਂ, ਸਮੂਹ ਪ੍ਰਤੀਯੋਗੀਆਂ, ਅਧਿਆਪਕਾਂ ਅਤੇ ਸਟਾਫ਼ ਮੈਂਬਰਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਉਪਲਬਧੀ ਵਿਦਿਆਰਥੀਆਂ ਦੀ ਲਗਨ, ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਅਧਿਆਪਕਾਂ ਦੀ ਸੁਚੱਜੀ ਅਗਵਾਈ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮੰਚ ਵਿਦਿਆਰਥੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਆਤਮ-ਵਿਸ਼ਵਾਸ ਨਾਲ ਆਪਣੀ ਕਲਾ ਪੇਸ਼ ਕਰਨ ਲਈ ਮਹੱਤਵਪੂਰਨ ਮੌਕਾ ਪ੍ਰਦਾਨ ਕਰਦੇ ਹਨ। ਇਸ ਮੌਕੇ ਜਥੇਦਾਰ ਗੁਰਬਚਨ ਸਿੰਘ ਕਰਮੂਵਾਲਾ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਾਲਜ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਵੱਲੋਂ ਯੂਥ ਫੈਸਟੀਵਲ ਵਰਗੇ ਮੰਚਾਂ 'ਤੇ ਕੀਤੀਆਂ ਜਾਂਦੀਆਂ ਪ੍ਰਾਪਤੀਆਂ ਨਾ ਸਿਰਫ਼ ਸੰਸਥਾ ਦਾ ਮਾਣ ਵਧਾਉਂਦੀਆਂ ਹਨ, ਸਗੋਂ ਨੌਜਵਾਨ ਪੀੜ੍ਹੀ ਨੂੰ ਆਪਣੀ ਅਮੀਰ ਪੰਜਾਬੀ ਵਿਰਾਸਤ, ਕਲਾ ਅਤੇ ਸੱਭਿਆਚਾਰ ਨਾਲ ਜੋੜਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇੰਜੀ. ਸੁਖਮਿੰਦਰ ਸਿੰਘ, ਸਕੱਤਰ ਵਿੱਦਿਆ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਨੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਉਤਸ਼ਾਹ ਅਤੇ ਮਿਹਨਤ ਨਾਲ ਅੱਗੇ ਵਧਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਕਾਲਜ ਵੱਲੋਂ ਵਿਦਿਆਰਥੀਆਂ ਦੀਆਂ ਕਲਾਤਮਕ ਅਤੇ ਸੱਭਿਆਚਾਰਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਂਦਾ ਰਹੇਗਾ। ਕਾਲਜ ਦੀ ਇਸ ਉਪਲਬਧੀ ਨੂੰ ਵਿਦਿਆਰਥੀਆਂ, ਅਧਿਆਪਕਾਂ ਅਤੇ ਸਮੂਹ ਕਾਲਜ ਭਾਈਚਾਰੇ ਦੀ ਸਾਂਝੀ ਮਿਹਨਤ ਦਾ ਨਤੀਜਾ ਦੱਸਦਿਆਂ ਕਾਲਜ ਪ੍ਰਬੰਧਨ ਵੱਲੋਂ ਭਵਿੱਖ ਵਿੱਚ ਵੀ ਵਿਦਿਆਰਥੀਆਂ ਨੂੰ ਅਜਿਹੇ ਸੱਭਿਆਚਾਰਕ ਅਤੇ ਰਚਨਾਤਮਕ ਮੰਚਾਂ 'ਤੇ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨ ਦਾ ਭਰੋਸਾ ਪ੍ਰਗਟਾਇਆ ਗਿਆ। ਇਸ ਮੌਕੇ ਕਾਲਜ ਦਾ ਸਮੂਹ ਸਟਾਫ ਹਾਜ਼ਰ ਸੀ।

# ਇੱਕ ਨਜ਼ਰ...



## ਲਖੀਮਪੁਰ ਖੀਰੀ ਕਤਲ ਕਾਂਡ ਦੇ ਸ਼ਹੀਦ ਕਿਸਾਨਾਂ ਨੂੰ ਇਨਸਾਫ਼ ਦਿਵਾਉਣ ਲਈ 3 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਕੈਂਡਲ ਮਾਰਚ

ਚੋਹਲਾ ਸਾਹਿਬ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਲਖੀਮਪੁਰ ਖੀਰੀ ਵਿਖੇ 3 ਅਕਤੂਬਰ 2021 ਨੂੰ ਵਾਪਰੇ ਕਤਲ ਕਾਂਡ ਵਿੱਚ ਸ਼ਹੀਦ ਹੋਏ ਕਿਸਾਨਾਂ ਅਤੇ ਪੱਤਰਕਾਰ ਨੂੰ ਸ਼ਰਧਾਂਜਲੀ ਦੇਣ ਅਤੇ ਇਨਸਾਫ਼ ਦੀ ਮੰਗ ਨੂੰ ਲੈ ਕੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ, ਜ਼ਿਲ੍ਹਾ ਤਰਨ ਤਾਰਨ, ਜੋਨ ਬਾਬਾ ਭਾਈ ਅਦਲੀ ਜੀ ਚੋਹਲਾ ਸਾਹਿਬ ਦੀ ਇੱਕ ਅਹਿਮ ਮੀਟਿੰਗ ਹੋਈ। ਮੀਟਿੰਗ ਦੌਰਾਨ ਆਗੂਆਂ ਨੇ ਕਿਹਾ ਕਿ ਲਖੀਮਪੁਰ ਖੀਰੀ ਕਾਂਡ ਕਿਸਾਨੀ ਅੰਦੋਲਨ ਦੌਰਾਨ ਵਾਪਰੀ ਇੱਕ ਦਰਦਨਾਕ ਘਟਨਾ ਸੀ। ਸ਼ਹੀਦ ਕਿਸਾਨਾਂ ਦੀ ਯਾਦ ਵਿੱਚ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣ ਦੀ ਮੰਗ ਨੂੰ ਲੈ ਕੇ 3 ਅਕਤੂਬਰ ਨੂੰ ਚੰਡੀਗੜ੍ਹ ਵਿਖੇ ਕੈਂਡਲ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਜੋਨ ਆਗੂਆਂ ਅਤੇ ਵਰਕਰਾਂ ਨੇ ਕਿਹਾ ਕਿ ਕਿਸਾਨਾਂ-ਮਜ਼ਦੂਰਾਂ ਦੀਆਂ ਹੱਕੀ ਮੰਗਾਂ ਅਤੇ ਸ਼ਹੀਦ ਕਿਸਾਨਾਂ ਦੇ ਇਨਸਾਫ਼ ਲਈ ਸੰਘਰਸ਼ ਨੂੰ ਜਥੇਬੰਦਕ ਤੌਰ 'ਤੇ ਹੋਰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਨੇ ਇਲਾਕੇ ਦੇ ਕਿਸਾਨਾਂ, ਮਜ਼ਦੂਰਾਂ ਅਤੇ ਇਨਸਾਫ਼ਪਸੰਦ ਲੋਕਾਂ ਨੂੰ 3 ਅਕਤੂਬਰ ਦੇ ਕੈਂਡਲ ਮਾਰਚ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਮੀਟਿੰਗ ਵਿੱਚ ਆਗੂਆਂ ਨੇ ਕਿਹਾ ਕਿ ਸ਼ਹੀਦ ਕਿਸਾਨਾਂ ਦੀ ਕੁਰਬਾਨੀ ਨੂੰ ਯਾਦ ਰੱਖਣਾ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਇਨਸਾਫ਼ ਦੀ ਆਵਾਜ਼ ਬੁਲੰਦ ਕਰਨਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਮੌਕੇ ਹਾਜ਼ਰ ਰਹੇ ਆਗੂ ਬਲਵਿੰਦਰ ਸਿੰਘ ਚੋਹਲਾ ਸਾਹਿਬ, ਨਰਿੰਦਰ ਸਿੰਘ ਪੱਖੋਪੁਰਾ, ਮਨਜੀਤ ਸਿੰਘ ਕਰਮੋਵਾਲ, ਹਰਜਿੰਦਰ ਸਿੰਘ ਚੰਬਾ, ਨਿਰਵੈਰ ਸਿੰਘ ਧੁੰਨ, ਰਣਜੀਤ ਸਿੰਘ ਧੁੰਨ, ਅਰਸ਼ਦੀਪ ਸਿੰਘ ਚੋਹਲਾ ਸਾਹਿਬ, ਅਵਤਾਰ ਸਿੰਘ ਰਾਣੀ ਵਾਲਾਹ, ਨਿਸ਼ਾਨ ਸਿੰਘ ਬ੍ਰਹਮਪੁਰਾ, ਗੁਰਪੀਤ ਸਿੰਘ, ਕੁਲਵਿੰਦਰ ਸਿੰਘ ਦਦੇਹਰ ਸਾਹਿਬ, ਕੁਲਵੰਤ ਸਿੰਘ ਭੱਠਲ, ਕਰਮ ਸਿੰਘ ਸਾਹ ਮੁੰਡਾ ਪਿੰਡ, ਪ੍ਰੈਸ ਸਕੱਤਰ ਜਗਰੂਪ ਸਿੰਘ ਧੁੰਨ ਆਦਿ ਹਾਜਿਰ ਸਨ।

## ਮਨਪ੍ਰੀਤ ਸਿੰਘ ਨੇ ਸੋਨ ਤਗਮਾ ਹਾਸਲ ਕਰਕੇ ਨੈਸ਼ਨਲ ਪੱਧਰ ਤੇ ਚੈਂਪੀਅਨ ਬਣਨ ਦਾ ਮਾਣ ਹਾਸਲ ਕੀਤਾ

ਭਿੱਖੀ ਵਿੰਡ (ਖਾਲੜਾ), 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਸਰਹੱਦੀ ਖੇਤਰ ਦੇ ਨਾਮਵਰ ਵਿਦਿਅਕ ਅਦਾਰੇ ਵੇਲਾ ਹੈ ਤਿੱਖੀ ਵਿੰਡ ਦੇ ਕਲਗੀਧਰ ਪਬਲਿਕ ਸਕੂਲ ਦੇਵ ਵਿਦਿਆਰਥੀ ਮੰਤਰੀ ਸਿੰਘ ਨੇ ਜਿੱਤਿਆ ਗੋਲਡ ਮੈਡਲ ਸਕੂਲ ਦੇ ਹੋਣਹਾਰ ਵਿਦਿਆਰਥੀ ਅਤੇ ਮੁੱਕੇਬਾਜ਼ ਮਨਪ੍ਰੀਤ ਸਿੰਘ ਨੇ ਆਲ ਇੰਡੀਆ ਆਈ ਸੀ ਐਸ ਈ ਬਾਕਸਿੰਗ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਇਤਿਹਾਸਿਕ ਜਿੱਤ ਪ੍ਰਾਪਤ ਕਰਕੇ ਸੋਨ ਤਗਮਾ ਹਾਸਲ ਕਰਕੇ ਨੈਸ਼ਨਲ ਪੱਧਰ ਤੇ ਚੈਂਪੀਅਨ ਬਣਨ ਦਾ ਮਾਣ ਹਾਸਲ ਕੀਤਾ ਮਨਪ੍ਰੀਤ ਸਿੰਘ ਨੇ ਇਹ ਵੱਡੀ ਮੱਲ ਆਪਣੇ ਮਾਹਰ ਬਾਕਸਿੰਗ ਕੋਚ ਗੁਰਪ੍ਰੀਤ ਸਿੰਘ ਦੀ ਯੋਗ ਅਗਵਾਈ ਅਤੇ ਸਖਤ ਟ੍ਰੇਨਿੰਗ ਹੇਠ ਇਹ ਮੁਕਾਮ ਹਾਸਿਲ ਕੀਤਾ ਹੈ ਚੈਂਪੀਅਨਸ਼ਿਪ ਦੇ ਰੋਮਾਂਚਿਕ ਮੁਕਾਬਲਿਆਂ ਬਾਰੇ ਜਾਣਕਾਰੀ ਦਿੰਦੇ ਹੋਏ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਅੰਦਰ ਬੇਮਿਸਾਲ ਤਕਨੀਕ ਅਤੇ ਹੌਸਲੇ ਦਾ ਮੁਜਾਹਰਾ ਕੀਤਾ ਉਸਨੇ ਕੁਆਰਟਰ ਫਾਈਨਲ ਮੁਕਾਬਲੇ ਵਿੱਚ ਪੱਛਮੀ ਬੰਗਾਲ ਦੇ ਮੁੱਕੇਬਾਜ ਨੂੰ ਹਰਾਇਆ ਸੈਮੀਫਾਈਨਲ ਦੇ ਫਸਵੇਂ ਮੁਕਾਬਲੇ ਵਿੱਚ ਬਿਹਾਰ ਸਟੇਟ ਦੇ ਖਿਡਾਰੀ ਨੂੰ ਹਰਾ ਕੇ ਫਾਈਨਲ ਵਿੱਚ ਜਗ੍ਹਾ ਬਣਾਈ ਫਾਈਨਲ ਦੇ ਮਹਾਂ ਮੁਕਾਬਲੇ ਵਿੱਚ ਤਾਮਿਲਨਾਡੂ ਦੇ ਸ਼ਾਨਦਾਰ ਮੁੱਕੇਬਾਜ਼ ਨੂੰ ਕਰਾਰੀ ਹਾਰ ਦੇ ਕੇ ਸੋਨ ਤਗਮਾ ਆਪਣੇ ਨਾਮ ਕੀਤਾ ਮਨਪ੍ਰੀਤ ਨੇ ਸੋਨ ਤਗਮਾ ਜਿੱਤ ਕੇ ਆਪਣੇ ਸਕੂਲ ਆਪਣੇ ਪਿੰਡ ਅਤੇ ਆਪਣੇ ਮਾਂ ਬਾਪ ਦਾ ਨਾਮ ਰੋਸ਼ਨ ਕੀਤਾ ਮਨਪ੍ਰੀਤ ਸਿੰਘ ਦੇ ਸਕੂਲ ਪਹੁੰਚਣ ਤੇ ਪ੍ਰਬੰਧਕਾਂ ਵੱਲੋਂ ਉਸ ਦਾ ਜੋਰਦਾਰ ਸਵਾਗਤ ਕੀਤਾ ਗਿਆ ਇਸ ਮੌਕੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਬੁੱਢਾ ਸਿੰਘ ਮੱਲ੍ਹੀ ਨੇ ਕਿਹਾ ਕਿ ਮਨਪ੍ਰੀਤ ਸਿੰਘ ਨੇ ਨੈਸ਼ਨਲ ਪੱਧਰ ਤੇ ਸੋਨ ਤਗਮਾ ਜਿੱਤ ਕੇ ਨਾ ਸਿਰਫ ਆਪਣੇ ਮਾਪਿਆਂ ਅਤੇ ਕੋਚ ਸਗੋਂ ਸਕੂਲ ਦੇ ਪੂਰੇ ਸਰਹੱਦੀ ਇਲਾਕੇ ਦਾ ਨਾਮ ਦੇਸ਼ ਭਰ ਵਿੱਚ ਰੋਸ਼ਨ ਕੀਤਾ ਹੈ ਉਹਨਾਂ ਕਿਹਾ ਕਿ ਸਰਹੱਦੀ ਖੇਤਰ ਦੇ ਬੱਚਿਆਂ ਵਿੱਚ ਪ੍ਰਤਿਭਾ ਦੀ ਕੋਈ ਕਮੀ ਨਹੀਂ ਹੈ ਬਸ ਉਹਨਾਂ ਨੂੰ ਮਾਰਗਦਰਸ਼ਨ ਕਰਨ ਦੀ ਲੋੜ ਹੈ ਜੋ ਸਕੂਲ ਦੇ ਬਾਕਸਿੰਗ ਕੋਸ਼ ਵੱਲੋਂ ਬਖੂਬੀ ਮਾਰਗ ਦਰਸ਼ਨ ਕੀਤਾ ਜਾ ਰਿਹਾ।



## ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਤੇਜ਼ ਕਰਾਂਗੇ: ਇੰਸਪੈਕਟਰ ਮਨਜੀਤ

ਭਿੱਖੀਵਿੰਡ, 2 ਅਕਤੂਬਰ (ਆਵਾਜ਼ਿ ਕੌਮ ਬਿਊਰੋ)-ਥਾਣਾ ਵਲਟੋਹਾ ਦੇ ਐਸ.ਐਚ.ਓ. ਸਬ-ਇੰਸਪੈਕਟਰ ਬਲਜਿੰਦਰ ਸਿੰਘ ਦੇ ਰਿਸ਼ਵਤ ਮਾਮਲੇ ਵਿੱਚ ਦੋਸ਼ਾਂ ਕਾਰਨ ਫ਼ਰਾਰ ਹੋ ਜਾਣ 'ਤੇ ਕੁਝ ਦਿਨਾਂ ਤੋਂ ਇੰਚਾਰਜ ਦਾ ਅਹੁਦਾ ਖਾਲੀ ਪਿਆ ਸੀ। ਬੀਤੇ ਦਿਨ ਥਾਣਾ ਵਲਟੋਹਾ ਦਾ ਚਾਰਜ ਇੰਸਪੈਕਟਰ ਮਨਜੀਤ ਸਿੰਘ ਨੇ ਸੰਭਾਲ ਲਿਆ ਹੈ। ਉਨ੍ਹਾਂ ਨੇ ਥਾਣੇ ਦੇ ਪੁਲਿਸ ਕਰਮਚਾਰੀਆਂ ਨਾਲ ਮੀਟਿੰਗ ਕਰਕੇ ਇਲਾਕੇ ਵਿੱਚ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਉਣ ਲਈ ਦਿਸ਼ਾ-ਨਿਰਦੇਸ਼ ਦਿੱਤੇ ਹਨ। ਇੰਸਪੈਕਟਰ ਮਨਜੀਤ ਸਿੰਘ ਨੇ ਕਿਹਾ ਕਿ ਥਾਣੇ ਵਿੱਚ ਆਪਣੀਆਂ ਸਮੱਸਿਆਵਾਂ ਲੈ ਕੇ ਆਉਣ ਵਾਲੇ ਹਰ ਵਿਅਕਤੀ ਦੀ ਗੱਲ ਧਿਆਨ ਨਾਲ ਸੁਣੀ ਜਾਵੇਗੀ ਅਤੇ ਕਾਨੂੰਨ ਅਨੁਸਾਰ ਢੁਕਵੀਂ ਕਾਰਵਾਈ ਨੂੰ ਪਹਿਲ ਦਿੱਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਪੁਲਿਸ ਪ੍ਰਸ਼ਾਸਨ ਦਾ ਸਹਿਯੋਗ ਦੇਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀ ਦੀ ਜਾਣਕਾਰੀ ਤੁਰੰਤ ਪੁਲਿਸ ਤੱਕ ਪਹੁੰਚਾਈ ਜਾਵੇ। ਨਸ਼ੇ ਦੇ ਮੁੱਦੇ 'ਤੇ ਉਨ੍ਹਾਂ ਕਿਹਾ ਕਿ ਨਸ਼ਾ ਤਸਕਰੀ ਅਤੇ ਨਸ਼ੀਲੇ ਪਦਾਰਥਾਂ ਦੀ ਵਿਕਰੀ ਨੂੰ ਕਿਸੇ ਵੀ ਤਰ੍ਹਾਂ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੰਦਿਆਂ ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਮਨਜੀਤ ਸਿੰਘ ਨੇ ਇਲਾਕੇ ਵਿੱਚ ਅਮਨ-ਸ਼ਾਂਤੀ, ਲੋਕਾਂ ਦੀ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਬਣਾਈ ਰੱਖਣ ਨੂੰ ਪੁਲਿਸ ਦੀ ਮੁੱਖ ਜ਼ਿੰਮੇਵਾਰੀ ਦੱਸਿਆ ਅਤੇ ਇਸ ਨੂੰ ਪੂਰੀ ਇਮਾਨਦਾਰੀ 'ਤੇ ਗੰਭੀਰਤਾ ਨਾਲ ਨਿਭਾਉਣ ਦਾ ਭਰੋਸਾ ਦਿੱਤਾ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243